ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

https://youtu.be/LQwolgxDu7l

International Daily Newspaper & WEB TV

awazeqaumtvpunjab@gmail.com

ਬੁੱਧਵਾਰ, 26 ਨਵੰਬਰ 2025 (ਨਾਨਕਸ਼ਾਹੀ ਸੰਮਤ : ੫੫੭, ੧੧ ਮੱਘਰ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਗ੍ਰਿਫ਼ਤਾਰ ਐਸ.ਡੀ.ਐਮ. ਨੂੰ ਅਦਾਲਤ 'ਚ ਕੀਤਾ ਪੇਸ਼, ਵਧਿਆ ਰਿਮਾਂਡ



**ਬਟਾਲਾ, 25 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਬਟਾਲਾ ਦੇ ਐੱਸ.ਡੀ.ਐੱਮ. ਵਿਕਰਮਜੀਤ ਸਿੰਘ ਨੂੰ ਰਿਸ਼ਵਤ ਮਾਮਲੇ 'ਚ ਇੱਕ ਵਾਰ ਫਿਰ ਵਿਜੀਲੈਂਸ ਟੀਮ ਗੁਰਦਾਸਪੁਰ ਵੱਲੋਂ ਅਦਾਲਤ ਵਿਚ ਪੇਸ਼ ਕੀਤਾ ਗਿਆ। ਪੇਸ਼ੀ ਤੋਂ ਬਾਅਦ ਮਾਨਯੋਗ ਅਦਾਲਤ ਨੇ ਵਿਕਰਮਜੀਤ ਸਿੰਘ ਨੂੰ ਦੋ ਦਿਨ ਦਾ ਹੋਰ ਪੁਲਸ ਰਿਮਾਂਡ ਦੇ ਦਿੱਤਾ ਹੈ। ਇਸ ਤੋਂ ਇਹ ਅੰਦਾਜ਼ਾ ਲਗਾਇਆ ਜਾ ਰਿਹਾ ਹੈ ਕਿ ਵਿਜੀਲੈਂਸ ਵਿਭਾਗ ਨੂੰ ਐੱਸ. ਡੀ. ਐੱਮ ਬਟਾਲਾ ਵਿਰੁੱਧ ਕਥਿਤ ਰਿਸ਼ਵਤਖੋਰੀ ਮਾਮਲੇ ਵਿਚ ਹੋਰ ਮਹੱਤਵਪੂਰਨ ਸਬੂਤ ਮਿਲੇ ਹਨ। ਸੰਭਾਵਨਾ ਹੈ ਕਿ ਵਿਜੀਲੈਂਸ ਟੀਮ ਵੱਲੋਂ ਇਸ ਸਬੰਧੀ ਅੱਗੇ ਦੀ ਕਾਰਵਾਈ ਤੇਜ਼ੀ ਨਾਲ ਆਰੰਭ ਕੀਤੀ ਜਾਵੇਗੀ। ਫਿਲਹਾਲ, ਅਦਾਲਤ ਤੋਂ ਰਿਮਾਂਡ ਮਿਲਣ ਤੋਂ ਬਾਅਦ ਵਿਜੀਲੈਂਸ ਟੀਮ ਐੱਸ. ਡੀ. ਐੱਮ ਨੂੰ ਆਪਣੇ ਨਾਲ ਲੈ ਗਈ ਹੈ। ਜ਼ਿਕਰਯੋਗ ਹੈ ਕਿ ਜਦੋਂ ਦੋਸ਼ੀ ਐਸਡੀਐਮ ਵਿਕਰਮਜੀਤ ਸਿੰਘ ਨੂੰ ਵਿਜੀਲੈਂਸ ਵਿਭਾਗ ਨੇ ਇੱਕ ਠੇਕੇਦਾਰ ਤੋਂ 50,000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਫੜਿਆ ਸੀ, ਤਾਂ ਉਸਦੇ ਘਰੋਂ 13 ਲੱਖ 50 ਹਜ਼ਾਰ ਰੁਪਏ ਨਕਦ ਅਤੇ ਕੁਝ ਚੈੱਕ ਵੀ ਬਰਾਮਦ ਹੋਏ ਸਨ।

## ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਹੈਰੀਟੇਜ਼ ਸਟਰੀਟ ਦਾ ਤੋਹਫ਼ਾ

# ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਨਾਮ 'ਤੇ ਬਣੇਗੀ ਸ੍ਰੀ ਅਨੰਦਪੁਰ ਸਾਹਿਬ 'ਚ ਯੂਨੀਵਰਸਿਟੀ

**ਸ੍ਰੀ ਆਨੰਦਪੁਰ ਸਾਹਿਬ, 25 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਆਨੰਦਪੁਰ ਸਾਹਿਬ ਵਿਖੇ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਪੁਰਬ ਸਮਾਗਮਾਂ ਵਿੱਚ, ਮੁੱਖ ਮੰਤਰੀ ਭਗਵੰਤ ਮਾਨ ਨੇ ਐਲਾਨ ਕੀਤਾ ਕਿ



ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਨਾਮ 'ਤੇ ਇੱਕ ਵਿਸ਼ਵ ਪੱਧਰੀ ਯੂਨੀਵਰਸਿਟੀ ਬਣਾਈ ਜਾਵੇਗੀ। ਅੰਮ੍ਰਿਤਸਰ ਸਾਹਿਬ, ਤਲਵੰਡੀ ਸਾਹਿਬ ਅਤੇ ਸ੍ਰੀ ਆਨੰਦਪੁਰ ਸਾਹਿਬ ਵਿੱਚ ਸ਼ਰਧਾਲੂਆਂ ਨੂੰ ਪੂਰੀ ਤਰ੍ਹਾਂ ਮੁਫ਼ਤ ਬੱਸ ਅਤੇ ਆਟੋ ਸੇਵਾਵਾਂ ਪ੍ਰਦਾਨ ਕੀਤੀਆਂ ਜਾਣਗੀਆਂ, ਜਿਸਦੀ ਸਾਰੀ ਲਾਗਤ ਸਰਕਾਰ ਵੱਲੋਂ ਸਹਿਣ ਕੀਤੀ ਜਾਵੇਗੀ। ਇਸ ਤੋਂ ਇਲਾਵਾ ਸ੍ਰੀ ਆਨੰਦਪੁਰ ਸਾਹਿਬ ਵਿੱਚ ਇੱਕ ਨਵੀਂ ਵਿਰਾਸਤੀ ਗਲੀ ਵਿਕਸਤ ਕੀਤੀ ਜਾਵੇਗੀ, ਜੋ ਸ਼ਹਿਰ ਦੀ ਸੱਭਿਆਚਾਰਕ ਅਤੇ ਇਤਿਹਾਸਕ ਮਹੱਤਤਾ ਨੂੰ ਦਰਸਾਉਂਦੀ ਹੈ, ਨਾਲ ਹੀ ਆਧੁਨਿਕ ਸਹੂਲਤਾਂ ਵੀ ਪ੍ਰਦਾਨ ਕਰੇਗੀ। ਉਨ੍ਹਾਂ ਇਹ ਵੀ ਐਲਾਨ ਕੀਤਾ ਕਿ ਚਰਨ ਗੰਗਾ ਸਟੇਡੀਅਮ ਨੂੰ ਆਧੁਨਿਕ ਸਹੂਲਤਾਂ ਨਾਲ ਅਪਗ੍ਰੇਡ ਕੀਤਾ ਜਾਵੇਗਾ, ਅਤੇ ਸ਼ਹਿਰ ਵਿੱਚ ਸਰਕਾਰੀ ਦੁਕਾਨਾਂ ਨੂੰ ਇੱਕਸਾਰ ਦਿੱਖ ਨਾਲ ਨਵਿਆਇਆ ਜਾਵੇਗਾ। ਮੁੱਖ ਮੰਤਰੀ ਭਗਵੰਤ ਮਾਨ ਨੇ ਸ੍ਰੀ ਆਨੰਦਪੁਰ ਸਾਹਿਬ ਦੇ ਸ਼ਤਾਬਦੀ ਸਮਾਰੋਹਾਂ ਵਿੱਚ ਐਲਾਨ ਕੀਤਾ ਕਿ ਤਿੰਨ ਪਵਿੱਤਰ ਸ਼ਹਿਰਾਂ ਅੰਮ੍ਰਿਤਸਰ ਸਾਹਿਬ, ਤਲਵੰਡੀ ਸਾਬੋ ਅਤੇ ਸ੍ਰੀ ਆਨੰਦਪੁਰ ਸਾਹਿਬ ਵਿਚਕਾਰ ਇੱਕ ਪੂਰੀ ਤਰ੍ਹਾਂ ਮੁਫ਼ਤ ਬੱਸ ਜਾਂ ਆਟੋ ਸੇਵਾ ਚਲਾਈ ਜਾਵੇਗੀ।

ਇਸ ਦੀ ਸਾਰੀ ਲਾਗਤ ਸਰਕਾਰ ਵੱਲੋਂ ਸਹਿਣ ਕੀਤੀ ਜਾਵੇਗੀ। ਮੁੱਖ ਮੰਤਰੀ ਨੇ ਕਿਹਾ ਕਿ ਇਨ੍ਹਾਂ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਨ ਵਾਲੇ ਸ਼ਰਧਾਲੂਆਂ ਨੂੰ ਹੁਣ ਯਾਤਰਾ ਸੰਬੰਧੀ ਕੋਈ ਸਮੱਸਿਆ ਨਹੀਂ ਆਵੇਗੀ ਅਤੇ ਸਰਕਾਰ ਪੂਰੀਆਂ ਸਹੂਲਤਾਂ ਯਕੀਨੀ ਬਣਾਏਗੀ। ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਸ੍ਰੀ ਆਨੰਦਪੁਰ ਸਾਹਿਬ ਵਿੱਚ ਇੱਕ ਨਵੀਂ ਹੈਰੀਟੇਜ ਸਟ੍ਰੀਟ ਵਿਕਸਤ ਕੀਤੀ ਜਾਵੇਗੀ। ਇਸ ਦਾ ਉਦੇਸ਼ ਇਸ ਪਵਿੱਤਰ ਸ਼ਹਿਰ ਦੀ ਵਿਰਾਸਤ, ਸੱਭਿਆਚਾਰ ਅਤੇ ਇਤਿਹਾਸਕ ਮਹੱਤਤਾ ਨੂੰ ਆਧੁਨਿਕ ਸਹੂਲਤਾਂ ਨਾਲ ਜੋੜ ਕੇ ਇੱਕ ਆਕਰਸ਼ਕ ਅਤੇ ਸੁਵਿਧਾਜਨਕ ਵਾਤਾਵਰਣ ਬਣਾਉਣਾ ਹੈ। ਇਹ ਪ੍ਰੋਜੈਕਟ ਸ਼ਹਿਰ ਵਿੱਚ ਧਾਰਮਿਕ ਸੈਰ-ਸਪਾਟੇ ਨੂੰ ਵੀ ਹੁਲਾਰਾ ਦੇਵੇਗਾ।

## 350ਵਾਂ ਸ਼ਹੀਦੀ ਦਿਹਾੜਾ : ਦੂਜਿਆਂ ਦੇ ਧਰਮ ਦੀ ਰੱਖਿਆ ਕਰਨਾ ਸਭ ਤੋਂ ਵੱਡਾ ਧਰਮ : ਪ੍ਰਧਾਨ ਮੰਤਰੀ ਮੋਦੀ

**ਕੁਰੂਕਸ਼ੇਤਰ, 25 ਨਵੰਬਰ (ਆਵਾਜ਼ਿ ਕੌਮ ਬਿਊਰੋ)**-"ਹਿੰਦ ਦੀ ਚਾਦਰ" ਸ੍ਰੀ ਗੁਰੂ ਤੇਗ ਬਹਾਦਰ ਜੀ ਦਾ 350ਵਾਂ



ਸ਼ਹੀਦੀ ਦਿਹਾੜਾ ਹਰਿਆਣਾ ਸਰਕਾਰ ਵੱਲੋਂ ਅੱਜ ਕੁਰੂਕਸ਼ੇਤਰ ਦੇ ਜੋਤੀਸਰ 'ਚ ਬੜੀ ਸ਼ਰਧਾ ਤੇ ਭਾਵਨਾ ਨਾਲ ਮਨਾਇਆ ਜਾ ਰਿਹਾ ਹੈ। ਇਸ ਮੌਕੇ ਵੱਡੇ ਇਕੱਠ ਦਾ ਆਯੋਜਨ ਕੀਤਾ ਗਿਆ। ਪ੍ਰਧਾਨ ਮੰਤਰੀ ਨਰਿੰਦਰ ਮੋਦੀ 350ਵੀਂ ਸ਼ਹੀਦੀ ਪੁਰਬ ਮੌਕੇ ਹਰਿਆਣਾ ਪੁੱਜੇ। ਇਸ ਦੌਰਾਨ ਪੀਐੱਮ ਮੋਦੀ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਸਾਹਮਣੇ ਨਤਮਸਤਕ ਹੋਏ। ਇਸ ਦੌਰਾਨ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ, ਕੈਬਨਿਟ ਮੰਤਰੀ ਅਤੇ ਹੋਰ ਪਤਵੰਤੇ ਵੀ ਹਾਜ਼ਰ ਸਨ। ਇਸ ਦੌਰਾਨ ਸੰਬੋਧਨ ਕਰਦਿਆਂ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਪੀਐੱਮ ਮੋਦੀ ਵੱਲੋਂ ਦੇਸ਼ ਲਈ ਕੀਤੇ ਗਏ ਕੰਮਾਂ ਲਈ ਧੰਨਵਾਦ ਕੀਤਾ ਗਿਆ। ਇਸ ਤੋਂ ਬਾਅਦ ਸੀਐੱਮ ਸੈਣੀ ਨੂੰ ਪ੍ਰਧਾਨ ਮੰਤਰੀ ਨੂੰ ਸਿਰੋਪਾਓ ਨਾਲ ਸਨਮਾਨਿਤ ਕੀਤਾ। ਇਸ ਦੌਰਾਨ ਪੀਐੱਮ ਮੋਦੀ ਨੇ ਇਕ ਧਾਰਮਿਕ ਕਿਤਾਬ ਵੀ ਰਿਲੀਜ਼ ਕੀਤੀ। ਪ੍ਰਧਾਨ ਮੰਤਰੀ ਨੇ ਸਮਾਗਮ ਦੌਰਾਨ ਗੁਰੂ ਜੀ ਨੂੰ ਸਮਰਪਿਤ ਇੱਕ ਵਿਸ਼ੇਸ਼ ਸਿੱਕਾ ਅਤੇ ਡਾਕ ਟਿਕਟ ਜਾਰੀ ਕੀਤਾ। ਇਸ ਦੌਰਾਨ ਸੰਗਤ ਨੂੰ ਸੰਬੋਧਨ ਕਰਦਿਆ ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕੁਰੂਕਸ਼ੇਤਰ ਸਿੱਖ ਪਰੰਪਰਾ ਦਾ ਮੁੱਖ ਕੇਂਦਰ ਹੈ। ਆਪਣੇ ਸੰਬੋਧਨ ਵਿੱਚ ਪ੍ਰਧਾਨ ਮੰਤਰੀ ਨੇ ਕਿਹਾ ਕਿ ਕੁਰੂਕਸ਼ੇਤਰ ਦੀ ਪਵਿੱਤਰ ਧਰਤੀ ਸਿੱਖ ਪਰੰਪਰਾ ਅਤੇ ਵਿਸ਼ਵਾਸ ਨਾਲ ਡੂੰਘੀ ਤਰ੍ਹਾਂ ਜੁੜੀ ਹੋਈ ਹੈ। ਸਾਰੇ ਦਸ ਸਿੱਖ ਗੁਰੂਆਂ ਨੇ ਆਪਣੀਆਂ ਯਾਤਰਾਵਾਂ ਦੌਰਾਨ ਇੱਥੇ ਯਾਤਰਾ ਕੀਤੀ, ਜਿਸ ਨਾਲ ਇਸ ਧਰਤੀ ਨੂੰ ਸਿੱਖ ਧਰਮ ਲਈ ਵਿਸ਼ੇਸ਼ ਮਹੱਤਵ ਪ੍ਰਾਪਤ ਹੋਇਆ। ਗੁਰੂ ਤੇਗ ਬਹਾਦਰ ਜੀ ਦੇ ਜੀਵਨ ਨੂੰ ਪ੍ਰੇਰਨਾ ਦਾ ਸਰੋਤ ਦੱਸਦੇ ਹੋਏ ਮੋਦੀ ਨੇ ਕਿਹਾ, "ਗੁਰੂ ਸਾਹਿਬ ਬਹਾਦਰੀ, ਦਇਆ ਅਤੇ ਧਰਮ ਦੀ ਰੱਖਿਆ ਦੀ ਇੱਕ ਜਿਉਂਦੀ ਜਾਗਦੀ ਉਦਾਹਰਣ ਹਨ।

## ਪੰਜਾਬ ਯੂਨੀਵਰਸਿਟੀ 'ਚ ਅੱਜ 26 ਨਵੰਬਰ ਨੂੰ ਮੁੜ ਹੰਗਾਮਾ ਹੋਣ ਦੇ ਆਸਾਰ

### ਪੀ. ਯੂ. ਪ੍ਰਸ਼ਾਸਨ ਵੱਲੋਂ ਜਾਰੀ ਨੋਟੀਫਿਕੇਸ਼ਨ 'ਤੇ ਵਿਦਿਆਰਥੀਆਂ ਦੀ ਦੋ ਟੁੱਕ



**ਚੰਡੀਗੜ੍ਹ, 25 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਯੂਨੀਵਰਸਿਟੀ 'ਚ ਇੱਕ ਵਾਰ ਫੇਰ ਤੋਂ ਹੰਗਾਮਾ ਹੋਣ ਦੇ ਆਸਾਰ ਹੈ। ਦੱਸ ਦਈਏ ਕਿ 26 ਨਵੰਬਰ ਨੂੰ ਵਿਦਿਆਰਥੀਆਂ ਵੱਲੋਂ ਯੂਨੀਵਰਸਿਟੀ ਨੂੰ ਬੰਦ ਕਰਨ ਦਾ ਐਲਾਨ ਕੀਤਾ ਗਿਆ ਹੈ। ਜਿਸ 'ਤੇ ਹੁਣ ਪੰਜਾਬ ਯੂਨੀਵਰਸਿਟੀ ਪ੍ਰਸ਼ਾਸਨ ਵੱਲੋਂ ਨੋਟੀਫਿਕੇਸ਼ਨ ਜਾਰੀ ਕੀਤਾ ਗਿਆ ਹੈ। ਨੋਟੀਫਿਕੇਸ਼ਨ ਮੁਤਾਬਿਕ ਪ੍ਰਸ਼ਾਸਨ ਦਾ ਕਹਿਣਾ ਹੈ ਕਿ ਯੂਨੀਵਰਸਿਟੀ ਆਮ ਦਿਨਾਂ ਵਾਂਗ ਖੁੱਲ੍ਹੀ ਰਹੇਗੀ। ਇਸ ਤੋਂ ਇਲਾਵਾ ਸਾਰੇ ਫੈਕਲਟੀ ਮੈਂਬਰ ਸਵੇਰ 9 ਵਜੇ ਤੋਂ ਸ਼ਾਮ 5 ਵਜੇ ਤੱਕ ਆਪਣੇ ਵਿਭਾਗ 'ਚ ਹਾਜ਼ਿਰ ਰਹਿਣ। ਸਾਰੇ ਪੇਪਰ ਵੀ ਆਪਣੇ ਤੈਅ ਸਮੇਂ ਅਨੁਸਾਰ ਹੀ ਹੋਣਗੇ। ਹੁਣ ਯੂਨੀਵਰਸਿਟੀ ਪ੍ਰਸ਼ਾਸਨ ਦੇ ਮਗਰੋਂ ਪੰਜਾਬ ਯੂਨੀਵਰਸਿਟੀ ਦੇ ਵਿਦਿਆਰਥੀਆਂ ਵੱਲੋਂ ਸਖਤ ਚਿਤਾਵਨੀ ਦਿੱਤੀ ਗਈ ਹੈ। ਪੰਜਾਬ ਯੂਨੀਵਰਸਿਟੀ ਦੇ ਵਿਦਿਆਰਥੀਆਂ ਨੇ ਪੀਯੂ ਪ੍ਰਸ਼ਾਸਨ ਨੂੰ ਕਿਹਾ ਕਿ ਪੇਪਰ ਰੱਦ ਹੋਣ ਜਾਂ ਕੁਝ ਵੀ ਹੋਵੇ ਉਨ੍ਹਾਂ ਵੱਲੋਂ ਸੂਚੀ ਜਾਰੀ ਕੀਤੀ ਜਾਵੇ ਨਹੀਂ ਤਾਂ ਉਹ 26 ਨਵੰਬਰ ਨੂੰ ਯੂਨੀਵਰਸਿਟੀ ਖੁੱਲ੍ਹਣ ਨਹੀਂ ਦੇਣਗੇ। ਇਸ ਤੋਂ ਇਲਾਵਾ ਲਾਗਲੇ ਪਿੰਡਾਂ 'ਚ ਲਗਾਤਾਰ ਅਨਾਊਂਸਮੈਂਟ ਕੀਤੀ ਜਾ ਰਹੀ ਹੈ। ਨਾਲ ਹੀ ਪੁਆਧ ਸਣੇ ਪੰਜਾਬ ਦੇ ਸਾਰੇ ਪਿੰਡਾਂ 'ਚ ਲੋਕਾਂ ਨੂੰ ਭਲਕੇ ਪੰਜਾਬ ਯੂਨੀਵਰਸਿਟੀ ਪਹੁੰਚਣ ਦੀ ਅਪੀਲ ਕੀਤੀ ਜਾ ਰਹੀ ਹੈ। ਇਸ ਤੋਂ ਇਲਾਵਾ ਉਨ੍ਹਾਂ ਦਾ ਇਹ ਵੀ ਕਹਿਣਾ ਹੈ ਕਿ ਪੰਜਾਬ ਯੂਨੀਵਰਸਿਟੀ ਪ੍ਰਸ਼ਾਸਨ ਵੱਲੋਂ ਜਦੋ ਸੈਨੇਟ ਚੋਣਾਂ ਨੂੰ ਲੈਕੇ ਸੂਚੀ ਜਾਰੀ ਕਰਨਗੇ ਉਸ ਸਮੇਂ ਹੀ ਧਰਨਾ ਚੁੱਕਿਆ ਜਾਵੇਗਾ। ਅੱਜ ਉਨ੍ਹਾਂ ਵੱਲੋਂ ਰੋਸ ਮਾਰਚ ਕੀਤਾ ਜਾਵੇਗਾ ਜਦਕਿ ਭਲਕੇ ਯੂਨੀਵਰਸਿਟੀ ਨੂੰ ਬੰਦ ਕੀਤਾ ਜਾਵੇਗਾ। ਯੂਨੀਵਰਸਿਟੀ ਪ੍ਰਸ਼ਾਸਨ ਵੱਲੋਂ ਦਿੱਲੀ ਮੀਟਿੰਗ ਕੀਤੀ ਗਈ ਹੈ ਇਸ ਤੋਂ ਇਲਾਵਾ ਉਨ੍ਹਾਂ ਵੱਲੋਂ ਅੱਜ ਵੀ ਮੀਟਿੰਗ ਕੀਤੀ ਜਾ ਰਹੀ ਹੈ। ਨਾਲ ਹੀ ਪੰਜਾਬ ਯੂਨੀਵਰਸਿਟੀ ਬਚਾਓ ਮੋਰਚਾ ਨੇ ਇਹ ਵੀ ਕਿਹਾ ਕਿ ਭਲਕੇ ਸਿਰਫ ਸੰਘਰਸ਼ ਕਰਨ ਵਾਲੇ ਵਿਦਿਆਰਥੀਆਂ ਲਈ ਯੂਨੀਵਰਸਿਟੀ ਖੁੱਲ੍ਹੀ ਰਹੇਗੀ ਅਤੇ ਭਲਕੇ ਹੋਰਾਂ ਵਿਦਿਆਰਥੀਆਂ ਲਈ ਬੰਦ ਰਹੇਗੀ।

## ਜਲੰਧਰ 'ਚ 13 ਸਾਲਾਂ ਕੁੜੀ ਦੇ ਕਤਲ ਮਾਮਲੇ 'ਚ ਭਖੀ ਸਿਆਸਤ

**ਜਲੰਧਰ, 25 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਜਲੰਧਰ ਦੇ ਪਾਰਕ ਸਟੇਟ ਵਿੱਚ 13 ਸਾਲਾ ਬੱਚੀ ਨਾਲ ਕਥਿਤ ਤੌਰ 'ਤੇ ਬਲਾਤਕਾਰ ਦੀ ਕੋਸ਼ਿਸ਼ ਅਤੇ ਕਤਲ ਦੇ ਮਾਮਲੇ ਨੇ ਸ਼ਹਿਰ ਵਿੱਚ ਇੱਕ ਵੱਡਾ ਰਾਜਨੀਤਿਕ ਵਿਵਾਦ ਛੇੜ ਦਿੱਤਾ ਹੈ। ਸੋਮਵਾਰ ਦੇਰ ਸ਼ਾਮ, ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੇ ਪੀੜਤ ਪਰਿਵਾਰ ਨਾਲ ਮੁਲਾਕਾਤ ਕੀਤੀ ਅਤੇ ਪੁਲਿਸ 'ਤੇ ਮਾਮਲੇ ਨੂੰ ਦਬਾਉਣ ਦੀ ਕੋਸ਼ਿਸ਼ ਕਰਨ ਦਾ ਦੋਸ਼ ਲਗਾਇਆ। ਉਨ੍ਹਾਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਦੋ ਤੋਂ ਤਿੰਨ ਦਿਨਾਂ ਦੇ ਅੰਦਰ ਦੋਸ਼ੀ ਪੁਲਿਸ ਮੁਲਾਜ਼ਮਾਂ ਵਿਰੁੱਧ ਸਖ਼ਤ ਕਾਰਵਾਈ ਨਹੀਂ ਕੀਤੀ ਜਾਂਦੀ, ਤਾਂ ਕਾਂਗਰਸ ਪਾਰਟੀ ਅਤੇ ਸ਼ਹਿਰ ਵਾਸੀਆਂ ਦੇ ਸਮਰਥਨ ਨਾਲ ਜਲੰਧਰ ਵਿੱਚ ਇੱਕ ਜ਼ਬਰਦਸਤ ਵਿਰੋਧ ਪ੍ਰਦਰਸ਼ਨ ਕੀਤਾ ਜਾਵੇਗਾ, ਜਿਸ ਵਿੱਚ ਸੜਕ ਜਾਮ ਅਤੇ ਬਾਜ਼ਾਰ ਬੰਦ ਕੀਤੇ ਜਾਣਗੇ। ਪੰਜਾਬ ਪੁਲਿਸ ਦੀ ਸੀਪੀ ਧਨਪ੍ਰੀਤ ਕੌਰ ਇਸ ਲਈ ਜ਼ਿੰਮੇਵਾਰ ਹੋਵੇਗੀ। ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਪੰਜਾਬ ਦੇ ਡੀਜੀਪੀ ਅਤੇ ਸੀਪੀ ਜਲੰਧਰ ਵਿੱਚ ਸ਼ਾਂਤੀ ਚਾਹੁੰਦੇ



ਹਨ, ਤਾਂ ਉਨ੍ਹਾਂ ਨੂੰ ਤੁਰੰਤ ਦੋਸ਼ੀ ਪੁਲਿਸ ਮੁਲਾਜ਼ਮਾਂ ਵਿਰੁੱਧ ਕਾਰਵਾਈ ਕਰਨੀ ਚਾਹੀਦੀ ਹੈ। ਸਾਬਕਾ ਮੁੱਖ ਮੰਤਰੀ ਚੰਨੀ ਨੇ ਮੰਗ ਕੀਤੀ ਹੈ ਕਿ ਪੰਜਾਬ ਦੇ ਡੀਜੀਪੀ ਅਤੇ ਜਲੰਧਰ ਦੇ ਸੀਪੀ (ਪੁਲਿਸ ਕਮਿਸ਼ਨਰ) ਉਨ੍ਹਾਂ ਪੁਲਿਸ ਮੁਲਾਜ਼ਮਾਂ ਵਿਰੁੱਧ ਕਾਰਵਾਈ ਕਰਨ ਜਿਨ੍ਹਾਂ ਨੇ ਕਥਿਤ ਤੌਰ 'ਤੇ ਮਾਮਲੇ ਨੂੰ ਦਬਾਉਣ ਦੀ ਕੋਸ਼ਿਸ਼ ਕੀਤੀ। ਉਨ੍ਹਾਂ ਨੂੰ ਤੁਰੰਤ ਬਰਖਾਸਤ ਕੀਤਾ ਜਾਵੇ ਅਤੇ ਉਨ੍ਹਾਂ ਵਿਰੁੱਧ ਐਫਆਈਆਰ ਦਰਜ ਕੀਤੀ ਜਾਵੇ। ਉਨ੍ਹਾਂ ਨੇ ਸਪੱਸ਼ਟ ਕੀਤਾ ਕਿ ਜੇਕਰ ਇਹ ਕਾਰਵਾਈ ਨਹੀਂ ਕੀਤੀ ਗਈ ਤਾਂ ਜਲੰਧਰ ਬੰਦ ਕਰ ਦਿੱਤਾ ਜਾਵੇਗਾ, ਸੜਕਾਂ ਜਾਮ ਕੀਤੀਆਂ ਜਾਣਗੀਆਂ ਅਤੇ ਵੱਡੇ ਪੱਧਰ 'ਤੇ ਵਿਰੋਧ ਪ੍ਰਦਰਸ਼ਨ ਕੀਤਾ ਜਾਵੇਗਾ। ਚੰਨੀ ਨੇ ਜਲੰਧਰ ਦੇ ਸੀਪੀ ਧਰਮਪ੍ਰੀਤ ਕੌਰ ਨੂੰ ਜ਼ਿੰਮੇਵਾਰੀ ਤੈਣ ਕਰਨ ਦੀ ਗੱਲ ਕਹੀ ਹੈ। ਪਰਿਵਾਰ ਦੇ ਅਨੁਸਾਰ, ਪੁਲਿਸ ਲਗਭਗ ਚਾਰ ਘੰਟੇ ਘਰ ਦੇ ਅੰਦਰ ਰਹੀ, ਅਤੇ ਕਮਰੇ ਵਿੱਚ ਲਗਭਗ 45 ਮਿੰਟ ਬਿਤਾਉਣ ਤੋਂ ਬਾਅਦ, ਉਹ ਬਾਹਰ ਆਏ ਅਤੇ ਕਿਹਾ ਕਿ ਲੜਕੀ ਉੱਥੇ ਨਹੀਂ ਹੈ, ਹਾਲਾਂਕਿ ਲੜਕੀ ਦੀ ਮਾਂ ਨੇ ਸੀਸੀਟੀਵੀ ਵਿੱਚ ਦੇਖਿਆ ਸੀ ਕਿ ਉਸਦੀ ਧੀ ਉਸੇ ਘਰ ਵਿੱਚ ਗਈ ਸੀ ਅਤੇ ਬਾਹਰ ਨਹੀਂ ਆਈ। ਧਮਕੀਆਂ ਅਤੇ ਦਬਾਅ: ਪਰਿਵਾਰ ਦਾ ਦੋਸ਼ ਹੈ ਕਿ ਪੁਲਿਸ ਨੇ ਉਨ੍ਹਾਂ ਨੂੰ ਧਮਕੀ ਦਿੱਤੀ ਅਤੇ ਕੇਸ ਬੰਦ ਕਰਨ ਲਈ ਦਬਾਅ ਪਾਇਆ, ਕਿਹਾ ਕਿ ਉਨ੍ਹਾਂ ਨੂੰ ਪੁਲਿਸ ਨਾਲ ਪੰਗਾ ਨਾ ਲੈਣ। ਪਰਿਵਾਰਕ ਮੈਂਬਰਾਂ ਅਤੇ ਸਥਾਨਕ ਨਿਵਾਸੀਆਂ ਦੇ ਸਖ਼ਤ ਵਿਰੋਧ ਤੋਂ ਬਾਅਦ ਹੀ ਐਫਆਈਆਰ ਦਰਜ ਕੀਤੀ ਗਈ। ਸਾਬਕਾ ਮੁੱਖ ਮੰਤਰੀ ਚੰਨੀ ਅਤੇ ਪੀੜਤ ਪਰਿਵਾਰ ਨੇ ਅਧਿਕਾਰੀਆਂ ਤੋਂ ਹੇਠ ਲਿਖੀਆਂ ਮੰਗਾਂ ਕੀਤੀਆਂ ਹਨ: ਤਲਾਸ਼ੀ ਦੌਰਾਨ ਝੂਠ ਬੋਲਣ ਵਾਲੇ ਦੋਸ਼ੀ ਪੁਲਿਸ ਮੁਲਾਜ਼ਮਾਂ ਨੂੰ ਤੁਰੰਤ ਬਰਖਾਸਤ ਕੀਤਾ ਜਾਣਾ ਚਾਹੀਦਾ ਹੈ। ਐਸਐਚਓ, ਏਸੀਪੀ ਅਤੇ ਪੁਲਿਸ ਸੁਪਰਡੈਂਟ ਨੂੰ ਜਵਾਬਦੇਹ ਬਣਾਇਆ ਜਾਣਾ ਚਾਹੀਦਾ ਹੈ। ਕੇਸ ਨੂੰ ਫਾਸਟ-ਟਰੈਕ ਅਦਾਲਤ ਵਿੱਚ ਭੇਜਿਆ ਜਾਣਾ ਚਾਹੀਦਾ ਹੈ ਅਤੇ ਜਲਦੀ ਤੋਂ ਜਲਦੀ ਚਲਾਨ ਦਾਇਰ ਕੀਤਾ ਜਾਣਾ ਚਾਹੀਦਾ ਹੈ।

## ਪੰਜਾਬ 'ਚ 5 ਦਸੰਬਰ ਨੂੰ 'ਰੇਲ ਰੋਕੋ' ਅੰਦੋਲਨ



**ਲੁਧਿਆਣਾ, 25 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਕਿਸਾਨ-ਮਜ਼ਦੂਰ ਮੋਰਚਾ ਵੱਲੋਂ ਲੁਧਿਆਣਾ ਵਿਖੇ ਇੱਕ ਅਹਿਮ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਐਲਾਨ ਕੀਤਾ ਗਿਆ ਕਿ ਉਹਨਾਂ ਵੱਲੋਂ ਬਿਜਲੀ ਸੋਧ ਬਿੱਲ 2025, ਸਰਕਾਰੀ ਜ਼ਮੀਨਾਂ ਨੂੰ ਵੇਚਣ ਅਤੇ ਸ਼ੰਭੂ ਖਨੌਰੀ ਮੋਰਚੇ ਨਾਲ ਜੁੜੇ ਮਾਮਲੇ ਵਿੱਚ ਪੰਜਾਬ ਸਰਕਾਰ ਅਤੇ ਕੇਂਦਰ ਸਰਕਾਰ ਖਿਲਾਫ ਰੋਸ ਤਹਿਤ ਪੱਕੇ ਮੋਰਚੇ ਲਾਉਣ ਦੀ ਤਿਆਰੀ ਕੀਤੀ ਜਾ ਰਹੀ ਹੈ ਉਹਨਾਂ ਐਲਾਨ ਕੀਤਾ 5 ਦਸੰਬਰ ਨੂੰ ਦੋ ਘੰਟਿਆਂ ਲਈ ਰੇਲ ਰੋਕੋ ਅੰਦੋਲਨ ਕੀਤਾ ਜਾਵੇਗਾ, ਜਿਸ ਵਿੱਚ ਬਿਜਲੀ ਸੋਧ ਬਿਲ 2025 ਦਾ ਅਹਿਮ ਮੁੱਦਾ ਹੈ। ਸਰਵਣ ਸਿੰਘ ਪੰਧੇਰ ਅਤੇ ਮਨਜੀਤ ਸਿੰਘ ਰਾਏ ਸਮੇਤ ਹੋਰਨਾਂ ਕਿਸਾਨ ਆਗੂਆਂ ਨੇ ਕਿਹਾ ਕਿ ਪ੍ਰੋਗਰਾਮ ਤਹਿਤ 17, 18 ਦਸੰਬਰ ਨੂੰ ਡੀਸੀ ਦਫਤਰਾਂ ਅੱਗੇ ਪੱਕੇ ਧਰਨੇ ਦਿੱਤੇ ਜਾਣਗੇ ਅਤੇ ਜੇਕਰ ਨਾ ਸੁਣਵਾਈ ਹੋਈ ਤਾਂ 19 ਦਸੰਬਰ ਨੂੰ ਰੇਲ ਰੋਕੋ ਅੰਦੋਲਨ ਦੀ ਸ਼ੁਰੂਆਤ ਕੀਤੀ ਜਾਵੇਗੀ। ਇਸ ਤੋਂ ਇਲਾਵਾ ਗੰਨੇ ਦੀ ਬਕਾਇਆ ਰਾਸ਼ੀ ਨੂੰ ਲੈ ਕੇ 27 ਨਵੰਬਰ ਨੂੰ ਜਲੰਧਰ ਨੈਸ਼ਨਲ ਹਾਈਵੇ ਜਾਮ ਕੀਤਾ ਜਾਵੇਗਾ ਅਤੇ 10 ਤਰੀਕ ਨੂੰ ਪ੍ਰੀਪੇਡ ਮੀਟਰ ਦੇ ਰੋਸ਼ ਵਜੋਂ ਪ੍ਰਦਰਸ਼ਨ ਕੀਤੇ ਜਾਣਗੇ। ਉਧਰ, ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕਿਸਾਨ ਨੇਤਾ ਮਨਜੀਤ ਸਿੰਘ ਰਾਏ ਅਤੇ ਸਰਵਨ ਸਿੰਘ ਪੰਧੇਰ ਨੇ ਕਿਹਾ ਕਿ ਪੰਜਾਬ ਦੇ ਅਹਿਮ ਮੁੱਦਿਆਂ ਨੂੰ ਧਿਆਨ ਵਿੱਚ ਰੱਖਦੇ ਹੋਏ ਕਿਸਾਨਾਂ ਅਤੇ ਆਮ ਲੋਕਾਂ ਨਾਲ ਜੁੜੀਆਂ ਸਮੱਸਿਆਵਾਂ ਦੇ ਰੋਸ਼ ਵਜੋਂ ਉਹਨਾਂ ਦੀ ਜਥੇਬੰਦੀ ਵੱਲੋਂ ਐਲਾਨ ਕੀਤਾ ਗਿਆ ਹੈ ਕਿ ਬਿਜਲੀ ਸੋਧ ਬਿਲ 2025 ਦੇ ਰੋਸ਼ ਅਤੇ ਸਰਕਾਰੀ ਜਮੀਨਾਂ ਨੂੰ ਵੇਚਣ ਦੇ ਮਾਮਲੇ ਵਿੱਚ ਕੇਂਦਰ ਸਰਕਾਰ ਖਿਲਾਫ ਪੰਜ ਦਸੰਬਰ ਨੂੰ ਦੋ ਘੰਟਿਆਂ ਲਈ ਰੇਲ ਰੋਕੋ ਅੰਦੋਲਨ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ 10 ਤਰੀਕ ਨੂੰ ਪ੍ਰੀਪੇਡ ਮੀਟਰ ਦੇ ਰੋਸ ਵਜੋਂ ਧਰਨਾ ਦਿੱਤਾ ਜਾਵੇਗਾ ਅਤੇ ਨਾਲ ਹੀ ਜੇਕਰ ਇਹਨਾਂ ਮੰਗਾਂ "ਤੇ ਗੌਰ ਨਾ ਹੋਈ ਤਾਂ ਉਹ 17 ਤੇ 18 ਦਸੰਬਰ ਨੂੰ ਡੀਸੀ ਦਫਤਰਾਂ ਅੱਗੇ ਪੱਕੇ ਮੋਰਚੇ ਲਾਉਣਗੇ ਇਹੀ ਨਹੀਂ ਉਹਨਾਂ ਕਿਹਾ ਕਿ ਜੇਕਰ ਤਾਂ ਵੀ ਕੋਈ ਗੱਲ ਨਾ ਬਣੀ ਤਾਂ ਉਨੀ ਦਸੰਬਰ ਨੂੰ ਉਹ ਰੇਲ ਰੋਕਣ ਲਈ ਮਜਬੂਰ ਹੋਣਗੇ।

**ਸੱਦਾ ਪੱਤਰ**

# 8ਵੀਂ ਬਰਸੀ ਦੀ ਮਿੱਠੀ ਯਾਦ ਮੌਕੇ

## ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਪਾਠ ਦਾ ਭੋਗ 19 ਦਸੰਬਰ ਨੂੰ



ਸਵ. ਸ. ਪਿਆਰਾ ਸਿੰਘ ਜੀ ਪਹਿਲਵਾਨ

ਸਵਰਗੀ ਸਰਦਾਰ ਪਿਆਰਾ ਸਿੰਘ ਪਹਿਲਵਾਨ ਜੀ ਦੀ

## 8ਵੀਂ ਬਰਸੀ ਤੇ ਮਿੱਠੀ ਯਾਦ ਮੌਕੇ

ਪਰਿਵਾਰ ਵਲੋਂ ਗੁਰਦੁਆਰਾ ਨਾਨਕਸਰ ਪਲੈਕ ਵਾਲਸਾਲ ਵਿਖੇ ਅਰੰਭ ਸ੍ਰੀ ਅਖੰਡਪਾਠ ਸਾਹਿਬ 19 ਦਸੰਬਰ 2025 ਦਿਨ ਸ਼ੁੱਕਰਵਾਰ ਸਵੇਰੇ 10 ਵਜੇ ਅਤੇ ਭੋਗ ਸ੍ਰੀ ਅਖੰਡਪਾਠ ਸਾਹਿਬ 21 ਦਸੰਬਰ 2025 ਦਿਨ ਐਤਵਾਰ ਸਵੇਰੇ 10 ਵਜੇ ਪਾਏ ਜਾਣਗੇ

**ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਦੀ ਅਰਦਾਸ ਉਪਰੰਤ ਗੁਰਦੁਆਰਾ ਸਾਹਿਬ ਦਾ ਹਜ਼ੂਰੀ ਜਥਾ ਕੀਰਤਨ ਕਰੇਗਾ। ਸਿੱਖ ਪ੍ਰਚਾਰਕ ਬਾਬਾ ਬਘੇਲ ਸਿੰਘ ਜੀ ਗੁਰਬਾਣੀ ਕਥਾ ਦੁਆਰਾ ਨਿਹਾਲ ਕਰਨਗੇ। ਭਾਈ ਹਰਮੇਲ ਸਿੰਘ ਦਿਲਬਰ ਦਾ ਢਾਡੀ ਜੱਥਾ ਅਤੇ ਪੰਥਕ ਬੁਲਾਰੇ ਸੰਗਤਾਂ ਨੂੰ ਨਿਹਾਲ ਕਰਨਗੇ।**

ਗੁਰੂ ਪਿਆਰੀ ਸਾਧ ਸੰਗਤ ਜੀਓ,
ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ।।

ਸਾਡੇ ਬਹੁਤ ਹੀ ਸਤਿਕਾਰਯੋਗ ਪਿਤਾ ਜੀ ਸਰਦਾਰ ਪਿਆਰਾ ਸਿੰਘ ਪਹਿਲਵਾਨ ਅਕਾਲ ਪੁਰਖ ਵਲੋਂ ਬਖਸੀ ਹੋਈ ਸਵਾਸਾਂ ਦੀ ਪੂੰਜੀ ਨੂੰ ਭੋਗਦੇ ਹੋਏ 16 ਦਸੰਬਰ 2017 ਸਾਨੂੰ ਸਦਾ ਲਈ ਸਦੀਵੀ ਵਿਛੋੜਾ ਦੇ ਗਏ ਸਨ। ਉਨ੍ਹਾਂ ਦੀ **ਅੱਠਵੀਂ ਬਰਸੀ** 'ਤੇ ਪਰਿਵਾਰ ਵਲੋਂ ਮਿੱਠੀ ਯਾਦ ਵਿੱਚ ਗੁਰਦੁਆਰਾ ਨਾਨਕਸਰ ਪਲੈਕ ਵਾਲਸਾਲ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਪਾਠ ਕਰਵਾਏ ਜਾ ਰਹੇ ਹਨ ।

**ਆਪ ਜੀ ਨੂੰ ਬੇਨਤੀ ਹੈ ਕਿ ਪਰਿਵਾਰ ਸਮੇਤ ਪਹੁੰਚ ਕੇ ਅਰਦਾਸ ਵਿੱਚ ਸ਼ਾਮਲ ਹੋਣ ਦੀ ਕ੍ਰਿਪਾਲਤਾ ਕਰਨੀ ਜੀ**

--- ✶ ਗੁਰਦੁਆਰਾ ਸਾਹਿਬ ਦਾ ਪਤਾ ✶----

**Gurdawara Nanaksar Pleck 4 Wellington St, Walsall , WS2 9QR, West Midlands , Tel. : 01922 641040**

-- ✶ ਸਤਿਗੁਰੂ ਦੇ ਭਾਣੇ ਵਿੱਚ ✶--

| | | | |
|---|---|---|---|
| ਬੀਬੀ ਗੁਰਮੀਤ ਕੌਰ | (ਪਤਨੀ) | ਕੁਲਵਿੰਦਰ ਕੌਰ | (ਪੁੱਤਰੀ) |
| ਰਘਵੀਰ ਸਿੰਘ | (ਪੁੱਤਰ) | ਜਸਵਿੰਦਰ ਕੌਰ | (ਪੁੱਤਰੀ) |
| ਜਰਨੈਲ ਸਿੰਘ | (ਪੁੱਤਰ) | ਅਤੇ ਸਮੂਹ ਪਰਿਵਾਰ | |

Contact : 07830202647 (Jarnail Singh Johal), 07976210161 (Raghbir Singh)

ਆਵਾਜ਼ਿ ਕੌਮ AWAZE QAUM International Newspaper & WEB TV



# ਤਿਲਕ ਜੰਞੂ ਰਾਖਾ ਪ੍ਰਭ ਤਾ ਕਾ॥ ਕੀਨੋ ਬਡੋ ਕਲੂ ਮਹਿ ਸਾਕਾ।
# ਸਾਧਨ ਹੇਤਿ ਇਤੀ ਜਿਨਿ ਕਰੀ॥ ਸੀਸੁ ਦੀਆ ਪਰੁ ਸੀ ਨ ਉਚਰੀ॥

## 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ







# ਗੁਰਮਤਿ ਸਮਾਗਮ

## GURU NANAK GURDWARA WILLENHALL 65-67 WALSAL ROAD (WV13 2RD)

**30 ਨਵੰਬਰ 2025 ਦਿਨ ਐਤਵਾਰ ਨੂੰ 3 ਵਜੇ ਸ੍ਰੀ ਸਹਿਜ ਪਾਠ ਦੇ ਭੋਗ ਪੈਣ ਉਪਰੰਤ ਦੀਵਾਨ ਸਜਾਏ ਜਾਣਗੇ**



ਭਾਈ ਅੰਮ੍ਰਿਤਪਾਲ ਸਿੰਘ ਢੱਪਈ
(3:30 ਵਜੇ)



ਭਾਈ ਕਮਲਜੀਤ ਸਿੰਘ ਜੀ
ਹਜੂਰੀ ਰਾਗੀ ਸ੍ਰੀ ਦਰਬਾਰ ਸਾਹਿਬ
(4:30 ਵਜੇ)

ਰਹਿਰਾਸ ਸਾਹਿਬ ਜੀ ਦੇ ਜਾਪ 5:30 ਵਜੇ ਤੋ 6:00 ਵਜੇ ਤੱਕ ਹੋਣਗੇ

**ਗੁਰੂ ਕਾ ਲੰਗਰ ਅਤੁੱਟ ਵਰਤੇਗਾ**




ਪੰਥ ਪ੍ਰਸਿੱਧ ਕਵੀਸ਼ਰੀ ਜਥਾ
ਜਾਗੋਵਾਲਾ ਜਥਾ
(6 ਵਜੇ)



ਭਾਈ ਜਗਤਾਰ ਸਿੰਘ ਜੀ
ਹਜੂਰੀ ਰਾਗੀ ਸ੍ਰੀ ਦਰਬਾਰ ਸਾਹਿਬ
(7 ਵਜੇ)

**ਸੇਵਾ : ਸਮੂਹ ਨੌਜਵਾਨ ਸੇਵਾਦਾਰਾਂ, ਇੰਟਰਨੈਸ਼ਨਲ ਸਟੂਡੈਂਟਸ ਵੱਲੋਂ, ਗੁਰਦੁਆਰਾ ਪ੍ਰਬੰਧਕਾਂ ਅਤੇ ਸੰਗਤਾਂ ਦੇ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਹੈ**

**ਸੰਪਰਕ :- ਭਾਈ ਸਤਨਾਮ ਸਿੰਘ ਜੀ ਸੰਘਾ 07532825588 ਭਾਈ ਸੁਖਬੀਰ ਸਿੰਘ ਜੀ 07442671204**



## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਧਨੁ ਸਬਦੁ ਸਚੀ ਟਕਸਾਲ ॥
ਦਮਦਮੀ ਟਕਸਾਲ

ਨਾਮ ਜਪੋ
ਕਿਰਤ ਕਰੋ
ਵੰਡ ਛੱਕੋ

Naam Japo
Kirat Karo
Vand Shako

ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥
ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA
WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ**
Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**
Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**
Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**
Learn Gurmukhi Punjabi

**ਗਤਕਾ ਸਿੱਖੋ** Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.

Publisher/Chief Editor
***Raghbir Singh Walsal***
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7l
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

# ਸਾਂਝਾ ਪੰਜਾਬ

## VEG & NON-VEG INDIAN

WE CATER FOR
★★★★★









SANJHA PUNJAB
VEG & NON-VEG INDIAN
TAKE AWAY MENU

0116 291 1565
075 9999 5787
47 BELGRAVE ROAD
LEICESTER LE4 6AR
visit us : www.sanjhapunjab.co.uk
email: sanjha47@hotmail.com

SANJHA PUNJAB
VEG & NON-VEG INDIAN
0116 291 1565
visit us : www.sanjhapunjab.co.uk
email: sanjha47@hotmail.com

ALLERGY ADVICE !!
Please ask a member of staff if you have any food intolerance or allergies.

ਆਵਾਜ਼ ਕੌਮ AWAZE QAUM
International Newspaper & WEB TV




# SAROA DENTAL CLINIC & IMPLANT CENTRE

**A Multispeciality Dental Clinic...**

- DENTAL CHECKUP
- CLEANING
- ROOT CANALS
- PREVENTIVE CARE

**LATEST FACILITIES AVAILABLE :**

Dental Implants
Dental Laset
Tooth Coloured Braces
Digital IOPA x-ray
Digital OPG x-ray

**DR. KAMALJIT SAROA**
B.D.S., Dental Surgeon
Moti Nagar, Near Railway Crossing, Maqsudan
Jalandhar-144 008

**Contact :**
**98150-83338**
**70879-59639**



ਮੈਂ ਖ਼ੁਦ ਆਪਣਾ ਇਲਾਜ ਆਪਣੀ ਇੰਡੀਆ ਵਿਜਿਟ ਦੌਰਾਨ ਇੱਥੋਂ ਕਰਵਾਇਆ ਹੈ ਅਤੇ ਮੈਂ ਸਮੂਹ ਐਨ. ਆਰ. ਆਈਜ਼ ਅਤੇ ਲੋਕਲ ਵਸਨੀਕਾਂ ਨੂੰ ਵਿਸ਼ਵਾਸ ਦਿਵਾਉਂਦਾ ਹਾਂ ਕਿ ਸਰੋਆ ਡੈਂਟਲ ਕਲੀਨਿਕ ਅਤੇ ਇੰਪਲਾਂਟ ਸੈਂਟਰ ਵੱਲੋਂ ਬਹੁਤ ਹੀ ਵਧੀਆ ਅਤੇ ਵਾਜਬ ਸੇਵਾਵਾਂ ਪ੍ਰਦਾਨ ਕੀਤੀਆਂ ਹਨ ਅਤੇ ਇਸੇ ਕਾਰਨ ਮੈਂ ਅਪੀਲ ਕਰਦਾ ਹਾਂ ਕਿ ਜੇਕਰ ਕਿਸੇ ਨੂੰ ਵੀ, ਕਿਸੇ ਵੀ ਤਰ੍ਹਾਂ ਦੀ ਦੰਦਾਂ ਨਾਲ ਸੰਬੰਧਤ ਕੋਈ ਤਕਲੀਫ਼ ਹੈ ਤਾਂ ਇੱਕ ਵਾਰ ਇੱਥੇ ਜ਼ਰੂਰ ਵਿਜ਼ਿਟ ਕਰੋ।

-ਰਘਵੀਰ ਸਿੰਘ ਵਾਲਸਾਲ, ਮੁੱਖ ਸੰਪਾਦਕ 'ਆਵਾਜ਼ਿ ਕੌਮ, ਯੂ. ਕੇ.'

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



ਸ਼ਹੀਦੀ ਦਿਹਾੜੇ 22/23 ਨਵੰਬਰ 25 ਮੰਗਲਵਾਰ 28/29/30 ਨਵੰਬਰ 2025 ਨੂੰ ਸਮਰਪਿਤ ਦੀਵਾਨ ਸਜਣਗੇ।

**ਧੰਨ ਧੰਨ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ**

**ਸ਼ਨਿੱਚਰਵਾਰ 22 ਨਵੰਬਰ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ।**

ਐਤਵਾਰ 23 ਨਵੰਬਰ 2025 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣਗੇ ਉਪਰੰਤ 12:30 ਤੱਕ ਦੀਵਾਨ ਸੱਜਣਗੇ।

ਕੀਰਤਨੀ ਜਥਾ ਰਾਗੀ ਭਾਈ ਇੰਦਰਜੀਤ ਸਿੰਘ ਬੁੱਟਰ ਸਰਸੇ ਵਾਲੇ ਕੀਰਤਨ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778




# ਪਵਿੱਤਰ ਸ਼ਹਿਰ ਘੋਸ਼ਿਤ ਕਰਨ ਦੇ ਫ਼ੈਸਲੇ 'ਤੇ ਤੁਰੰਤ ਅਮਲ ਹੋਵੇ: ਪ੍ਰੋ. ਸਰਚਾਂਦ ਸਿੰਘ ਖ਼ਿਆਲਾ

## ਪੰਜਾਬ ਸਰਕਾਰ ਵੱਲੋਂ ਤਖ਼ਤ ਸਾਹਿਬਾਨ ਦੇ ਸ਼ਹਿਰਾਂ ਨੂੰ 'ਪਵਿੱਤਰ ਸ਼ਹਿਰ' ਦਾ ਦਰਜਾ ਦੇਣਾ ਸਵਾਗਤਯੋਗ ; ਕੇਂਦਰ ਸਰਕਾਰ ਵੀ ਸਮੁੱਚੇ ਵਿਕਾਸ ਲਈ ਵਿਸ਼ੇਸ਼ ਕੇਂਦਰੀ ਪੈਕੇਜ ਨਾਲ ਪਹਿਲਕਦਮੀ ਕਰੇ"



**ਅੰਮ੍ਰਿਤਸਰ, 25 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਭਾਜਪਾ ਦੇ ਬੁਲਾਰੇ ਅਤੇ ਸਿੱਖ ਚਿੰਤਕ ਪ੍ਰੋ. ਸਰਚਾਂਦ ਸਿੰਘ ਖ਼ਿਆਲਾ ਨੇ ਪੰਜਾਬ ਸਰਕਾਰ ਵੱਲੋਂ ਤਖ਼ਤ ਸਾਹਿਬਾਨਾਂ ਨਾਲ ਸੰਬੰਧਿਤ ਸ੍ਰੀ ਅਨੰਦਪੁਰ ਸਾਹਿਬ, ਸ੍ਰੀ ਤਲਵੰਡੀ ਸਾਬੋ ਅਤੇ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਅੰਦਰੂਨੀ ਹਿੱਸਿਆਂ ਨੂੰ ਪਵਿੱਤਰ ਸ਼ਹਿਰ ਦਾ ਦਰਜਾ ਦੇਣ ਦੇ ਐਲਾਨ ਦਾ ਤਹਿ-ਦਿਲੋਂ ਸਵਾਗਤ ਕੀਤਾ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਤੇਗ. ਬਹਾਦਰ ਸਾਹਿਬ ਜੀ ਦੀ 350ਵੀ ਸ਼ਹੀਦੀ ਸ਼ਤਾਬਦੀ 'ਤੇ ਲਿਆ ਗਿਆ ਇਹ ਫ਼ੈਸਲਾ ਇਤਿਹਾਸਕ ਵੀ ਹੈ ਅਤੇ ਧਾਰਮਿਕ ਅਦਬ ਦਾ ਪ੍ਰਗਟਾਵਾ ਵੀ। ਪਰੰਤੂ, ਪ੍ਰੋ. ਖ਼ਿਆਲਾ ਨੇ ਸਪਸ਼ਟ ਕਿਹਾ ਕਿ ਪਵਿੱਤਰ ਸ਼ਹਿਰ ਦਾ ਮਰਤਬਾ ਸਿਰਫ਼ ਐਲਾਨ ਨਾਲ ਨਹੀਂ, ਸਗੋਂ ਤੁਰੰਤ ਅਤੇ ਸਖ਼ਤੀ ਨਾਲ ਲਾਗੂ ਕਰਨ ਨਾਲ ਹੀ ਅਰਥਪੂਰਨ ਬਣਦਾ ਹੈ। ਉਨ੍ਹਾਂ ਆਸ ਜਤਾਈ ਕਿ ਇਹ ਕਦਮ ਸਿਰਫ਼ ਸਿਆਸੀ ਘੋਸ਼ਣਾ ਬਣ ਕੇ ਨਾ ਰਹੇਗੀ , ਬਲਕਿ ਸਰਕਾਰ ਇਸ ਨੂੰ ਕਾਨੂੰਨੀ ਅਤੇ ਪ੍ਰਸ਼ਾਸਕੀ ਹਕੀਕਤ ਬਣਾਏਗੀ। ਉਨ੍ਹਾਂ ਨੇ ਪਵਿੱਤਰਤਾ ਦੀ ਉਲੰਘਣਾ ਕਰਨ ਵਾਲੀਆਂ ਹਰਕਤਾਂ 'ਤੇ ਜ਼ੀਰੋ-ਟਾਲਰੈਂਸ ਨੀਤੀ ਅਪਣਾਉਣ ਅਤੇ ਕਾਨੂੰਨ-ਵਿਵਸਥਾ ਹੋਰ ਮਜ਼ਬੂਤ ਕਰਨ ਦੀ ਵੀ ਸਲਾਹ ਦਿੱਤੀ। ਪ੍ਰੋ. ਸਰਚਾਂਦ ਸਿੰਘ ਖ਼ਿਆਲਾ ਨੇ ਅਕਾਲੀ ਦਲ ਦੇ ਬਿਆਨਾਂ 'ਤੇ ਤਿੱਖੀ ਪ੍ਰਤੀਕ੍ਰਿਆ ਦਿਤੀ, ਉਨ੍ਹਾਂ ਕਿਹਾ ਕਿ ਅਕਾਲੀ ਦਲ ਦੇ ਕੁਝ ਨੇਤਾ ਪੂਰੇ ਫ਼ਖਰ ਨਾਲ ਇਹ ਕਹਿ ਰਹੇ ਹਨ ਕਿ ਪਿਛਲੀਆਂ ਸਰਕਾਰਾਂ ਵੀ ਇਸ ਬਾਰੇ ਫ਼ੈਸਲੇ ਕਰ ਚੁੱਕੀਆਂ ਹਨ ਅਤੇ ਹੈਰਾਨੀ ਦੀ ਗਲ ਹੈ ਕਿ ਉਹ ਇਹ ਨੁਕਤਾਚੀਨੀ ਵੀ ਕਰ ਰਹੇ ਹਨ ਕਿ ਗੁਰੂ ਸਾਹਿਬਾਨ ਵੱਲੋਂ ਵਸਾਏ ਸ਼ਹਿਰਾਂ ਦੀ ਪਵਿੱਤਰਤਾ ਸਰਕਾਰੀ ਦਰਜਿਆਂ ਨਾਲ ਨਹੀਂ ਬਣਦੀ। ਜੋ ਇਹ ਦੱਸਣ ਲਈ ਕਾਫ਼ੀ ਹੈ ਕਿ ਉਨ੍ਹਾਂ ਕੇਵਲ ਐਲਾਨ ਕੀਤੇ ਪਰ ਅਮਲ ਕਦੀ ਨਹੀਂ ਕੀਤਾ। ਉਨ੍ਹਾਂ ਨੇ ਇਹ ਗੱਲ ਵੀ ਗੰਭੀਰ ਨਾਰਾਜ਼ਗੀ ਨਾਲ ਕਹੀ ਕਿ ਸ਼ਹੀਦੀ ਸ਼ਤਾਬਦੀ ਦੇ ਸੰਦਰਭ ਵਿੱਚ ਅਕਾਲੀ ਨੇਤਾ ਵੱਖ ਵੱਖ ਰਾਜ ਸਰਕਾਰਾਂ ਅਤੇ ਕੇਂਦਰ 'ਤੇ ਸਿੱਖ ਧਾਰਮਿਕ ਮਾਮਲਿਆਂ ਵਿੱਚ ਦਖ਼ਲਅੰਦਾਜ਼ੀ ਦੇ ਬੇਬੁਨਿਆਦ ਦੋਸ਼ ਲਗਾ ਰਹੇ ਹਨ, ਜਦੋਂ ਕਿ ਅਸਲ ਵਿੱਚ ਸਰਕਾਰਾਂ ਗੁਰੂ ਤੇਗ. ਬਹਾਦਰ ਸਾਹਿਬ ਦੀ ਸ਼ਹਾਦਤ ਨੂੰ ਵੱਡੇ ਪੱਧਰ 'ਤੇ ਪ੍ਰਚਾਰ ਰਹੀਆਂ ਹਨ, ਜੋ ਕਿ ਪੰਜਾਬ ਅਤੇ ਸਿੱਖਾਂ ਲਈ ਗੌਰਵ ਦੀ ਗੱਲ ਹੈ। ਪ੍ਰੋ. ਖ਼ਿਆਲਾ ਨੇ ਕਿਹਾ ਕਿ ਤਖ਼ਤ ਸਾਹਿਬਾਨ ਕੇਵਲ ਧਾਰਮਿਕ ਪ੍ਰਤੀਕ ਨਹੀਂ, ਸਗੋਂ ਰਾਸ਼ਟਰੀ ਧਰੋਹਰ ਹਨ। ਇਹ ਤਿੰਨੇ ਸ਼ਹਿਰ—ਸਿੱਖ ਕੌਮ, ਪੰਜਾਬੀ ਸੱਭਿਆਚਾਰ ਅਤੇ ਭਾਰਤ ਦੀ ਅਧਿਆਤਮਿਕ-ਰਾਜਨੀਤਿਕ ਵਿਰਾਸਤ ਦੀ ਨੈਤਿਕ-ਅਧਿਆਤਮਿਕ ਰੀੜ੍ਹ ਹਨ। ਇਨ੍ਹਾਂ ਦਾ ਵਿਕਾਸ ਅਤੇ ਪਵਿੱਤਰਤਾ ਦੀ ਸੁਰੱਖਿਆ ਪੰਜਾਬ ਅਤੇ ਕੇਂਦਰ ਦੋਹਾਂ ਦੀ ਸਾਂਝੀ ਜ਼ਿੰਮੇਵਾਰੀ ਹੈ। ਪ੍ਰੋ. ਖ਼ਿਆਲਾ ਨੇ ਇਸ ਵਿਸ਼ੇ 'ਚ ਕੇਂਦਰ ਸਰਕਾਰ ਨੂੰ ਵੀ ਮਹੱਤਵਪੂਰਨ ਭੂਮਿਕਾ ਅਦਾ ਕਰਨ ਦੀ ਅਪੀਲ ਕੀਤੀ ਅਤੇ ਕਿਹਾ, "ਜਿਵੇਂ ਵਾਰਾਨਸੀ, ਮਥੁਰਾ, ਅਯੁੱਧਿਆ, ਉਜੈਨ ਆਦਿ ਹਿੰਦੂ ਧਾਰਮਿਕ ਸ਼ਹਿਰਾਂ ਨੂੰ ਕੇਂਦਰ ਸਰਕਾਰ ਨੇ ਧਾਰਮਿਕ ਸ਼ਹਿਰ ਦਰਜਾ ਦੇ ਕੇ ਸਰਵਪੱਖੀ ਵਿਕਾਸ ਦੇ ਮਾਡਲ ਰੂਪ ਵਿੱਚ ਨਿਖਾਰਿਆ ਹੈ, ਓਸੇ ਤਰ੍ਹਾਂ ਤਖ਼ਤ ਸਾਹਿਬਾਨ ਨਾਲ ਸੰਬੰਧਿਤ ਇਹ ਸ਼ਹਿਰ ਵੀ ਰਾਸ਼ਟਰੀ ਧਰੋਹਰ ਹਨ। ਇਸ ਲਈ ਇਨ੍ਹਾਂ ਸ਼ਹਿਰਾਂ ਲਈ ਵਿਸ਼ੇਸ਼ ਕੇਂਦਰੀ ਪੈਕੇਜ ਜਾਰੀ ਕੀਤਾ ਜਾਣਾ ਚਾਹੀਦਾ ਹੈ।" ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਨੂੰ ਇਨ੍ਹਾਂ ਸ਼ਹਿਰਾਂ ਦੇ ਇੰਫ਼੍ਰਾਸਟਰਕਚਰ, ਧਾਰਮਿਕ ਸੈਰ-ਸਪਾਟੇ, ਵਿਰਾਸਤੀ ਸੁਰੱਖਿਆ, ਸੁੰਦਰੀਕਰਨ ਅਤੇ ਆਧੁਨਿਕ ਸੁਵਿਧਾਵਾਂ ਲਈ ਵੱਖਰਾ ਵਿਕਾਸ ਫ਼ੰਡ ਜਾਰੀ ਕਰਨਾ ਚਾਹੀਦਾ ਹੈ। ਪ੍ਰੋ. ਸਰਚਾਂਦ ਸਿੰਘ ਖ਼ਿਆਲਾ ਨੇ ਸੂਬਾ ਸਰਕਾਰ ਨੂੰ ਕਿਹਾ ਕਿ ਪਵਿੱਤਰ ਸ਼ਹਿਰ ਦੀ ਮਰਿਆਦਾ ਤਦ ਹੀ ਕਾਇਮ ਹੋਵੇਗੀ ਜਦੋਂ ਇਨ੍ਹਾਂ ਸ਼ਹਿਰਾਂ 'ਚ ਮਾਸ, ਸ਼ਰਾਬ, ਤੰਬਾਕੂ ਅਤੇ ਹਰ ਕਿਸਮ ਦੇ ਨਸ਼ਿਆਂ ਦੀ ਵਿਕਰੀ ਅਤੇ ਵਰਤੋਂ 'ਤੇ ਤੁਰੰਤ ਪੂਰਨ ਪਾਬੰਦੀ ਲਗਾਈ ਜਾਵੇ। ਬੁਨਿਆਦੀ ਢਾਂਚਾ, ਸਫ਼ਾਈ, ਯਾਤਰੀ-ਸਹੂਲਤਾਂ, ਰੌਸ਼ਨੀਕਰਨ ਅਤੇ ਇਤਿਹਾਸਕ ਸਥਾਨਾਂ ਦੀ ਸੁਰੱਖਿਆ ਲਈ ਖ਼ਾਸ ਵਿਕਾਸ ਫ਼ੰਡ ਜਾਰੀ ਹੋਵੇ। ਧਾਰਮਿਕ ਸੈਰ-ਸਪਾਟੇ ਨੂੰ ਅੰਤਰਰਾਸ਼ਟਰੀ ਮਿਆਰ 'ਤੇ ਵਿਕਸਤ ਕੀਤਾ ਜਾਵੇ। ਡਿਜੀਟਲ ਦਸਤਾਵੇਜ਼ੀਕਰਨ, ਵਿਰਾਸਤੀ ਮਾਰਗ, ਯਾਤਰੀ ਸਹਾਇਤਾ ਕੇਂਦਰ, ਗਾਈਡ ਟ੍ਰੇਨਿੰਗ ਅਤੇ ਸਥਾਨਕ ਆਰਥਿਕਤਾ ਨਾਲ ਜੁੜੇ ਪ੍ਰੋਜੈਕਟ ਤੁਰੰਤ ਸ਼ੁਰੂ ਕੀਤੇ ਜਾਣ। ਅੰਤ ਵਿੱਚ ਪ੍ਰੋ. ਖ਼ਿਆਲਾ ਨੇ ਕਿਹਾ,"ਹੁਣ ਸਮਾਂ ਆ ਗਿਆ ਹੈ ਕਿ ਇਹ ਤਿੰਨੇ ਸ਼ਹਿਰ ਨਸ਼ਾ-ਰਹਿਤ, ਸਾਫ਼-ਸੁਥਰੇ, ਅਧਿਆਤਮਿਕ ਮਾਹੌਲ ਵਾਲੇ ਅਤੇ ਵਿਰਾਸਤ-ਅਧਾਰਿਤ ਮਾਡਲ ਸ਼ਹਿਰਾਂ ਦੇ ਤੌਰ 'ਤੇ ਤੁਰੰਤ ਵਿਕਸਿਤ ਕੀਤੇ ਜਾਣ।"

# ਮਾਲਵਾ ਵੈੱਲਫੇਅਰ ਕਲੱਬ ਵੱਲੋਂ ਲਗਾਇਆ ਗਿਆ ਖ਼ੂਨਦਾਨ ਕੈਂਪ, 52 ਯੂਨਿਟ ਖ਼ੂਨ ਹੋਇਆ ਇੱਕਤਰ



ਤਲਵੰਡੀ ਸਾਬੋ, 25 ਨਵੰਬਰ (ਗੁਰਜੰਟ ਸਿੰਘ ਨਥੇਹਾ)- ਮਾਲਵਾ ਵੈੱਲਫੇਅਰ ਕਲੱਬ ਤਲਵੰਡੀ ਸਾਬੋ ਵਲੋਂ ਆਪਣੇ ਸਮਾਜ ਸੇਵਾ ਦੇ ਕੰਮਾਂ ਦੀ ਲੜੀ ਨੂੰ ਅੱਗੇ ਤੋਰਦੇ ਹੋਏ ਏਮਜ਼ ਹਸਪਤਾਲ ਬਠਿੰਡਾ ਦੀ ਟੀਮ ਦੇ ਸਹਿਯੋਗ ਨਾਲ ਅੱਜ ਨੌਵੇਂ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਇੱਕ ਖ਼ੂਨਦਾਨ ਕੈਂਪ ਤਖਤ ਸ੍ਰੀ ਦਮਦਮਾ ਸਾਹਿਬ ਵਿਖੇ ਲਗਾਇਆ ਗਿਆ। ਕਲੱਬ ਪ੍ਰਧਾਨ ਗਗਨਦੀਪ ਸਿੰਘ ਹੈਪੀ ਨੇ ਮੁੱਖ ਮਹਿਮਾਨਾ ਨੂੰ ਜੀ ਆਇਆਂ ਕਿਹਾ ਗਿਆ। ਕਲੱਬ ਪ੍ਰੈਸ ਸਕੱਤਰ ਵਿਕਾਸ ਸਿੰਗਲਾ ਅਤੇ ਖਜਾਨਚੀ ਮਨਦੀਪ ਸਿੰਘ ਧਾਲੀਵਾਲ ਵੱਲੋਂ ਜਾਣਕਾਰੀ ਦਿੰਦੇ ਦੱਸਿਆ ਕਿ ਏਮਜ਼ ਹਸਪਤਾਲ ਤੋਂ ਆਏ ਡਾ. ਸੀਰਤ ਮੁਖੀ ਬਲੱਡ ਬੈਂਕ ਏਮਜ਼ ਹਸਪਤਾਲ, ਗੁਰਪ੍ਰੀਤ ਕੌਰ ਸੰਧੂ, ਚਲਵਿੰਦਰ ਸਿੰਘ ਵੱਲੋਂ ਇਸ ਕੈਂਪ ਵਿੱਚ ਖ਼ੂਨਦਾਨੀਆਂ ਦਾ 52 ਯੂਨਿਟ ਖ਼ੂਨ ਇਕੱਤਰ ਕੀਤਾ ਗਿਆ। ਕੈਂਪ ਦਾ ਉਦਘਾਟਨ ਮੈਨੇਜਰ ਭਾਈ ਨਰਿੰਦਰਜੀਤ ਸਿੰਘ ਭਵਾਨੀਗੜ੍ਹ ਤਖਤ ਸ੍ਰੀ ਦਮਦਮਾ ਸਾਹਿਬ ਵਲੋਂ ਕੀਤਾ ਗਿਆ।ਨਗਰ ਕੌਂਸਲ ਪ੍ਰਧਾਨ ਤਲਵੰਡੀ ਸਾਬੋ ਵੱਲੋਂ ਉਨ੍ਹਾਂ ਦੇ ਬੇਟੇ ਹਰਜੀਤ ਸਿੰਘ ਸਰਾਂ ਵੱਲੋਂ ਹਾਜਰੀ ਲਵਾਈ ਤੇ ਕੈਂਪ ਵਿੱਚ ਵਿਸ਼ੇਸ਼ ਮਹਿਮਾਨ ਰਹੇ। ਇਸ ਦੇ ਨਾਲ ਹੀ ਉਹਨਾਂ ਵੱਲੋਂ ਕਲੱਬ ਨੂੰ ਸਮਾਜ ਸੇਵਾ ਵਿੱਚ ਹਰ ਕੰਮ ਵਿੱਚ ਸਹਿਯੋਗ ਦੇਣ ਦਾ ਵਾਅਦਾ ਕੀਤਾ। ਕਲੱਬ ਦੇ ਚੇਅਰਮੈਨ ਚੰਦਰ ਸ਼ੇਖ਼ਰ ਤਲਵੰਡੀ ਅਤੇ ਸਕੱਤਰ ਜਗਨਦੀਪ ਸਿੰਘ ਨੇ ਆਏ ਹੋਏ ਮਹਿਮਾਨਾਂ ਅਤੇ ਖ਼ੂਨਦਾਨੀਆਂ ਦਾ ਧੰਨਵਾਦ ਕੀਤਾ ਗਿਆ।ਕਲੱਬ ਦੇ ਸਮੂਹ ਮੈਂਬਰਾਂ ਨੇ ਪੂਰੀ ਤਨਦੇਹੀ ਨਾਲ ਆਪਣੀ ਜ਼ਿੰਮੇਵਾਰੀ ਨਿਭਾਈ। ਇਸ ਮੌਕੇ ਤੇ ਚੌਧਰੀ ਵਿਜੈਪਾਲ ਸਿੰਘ, ਤਾਰਾ ਮੈਡਮ ਅਤੇ ਮਨਦੀਪ ਸਿੰਘ ਨੇ ਹੈਲਥ ਪ੍ਰਤੀ ਜਾਗਰੂਕ ਕਰਨ ਲਈ ਇੱਕ ਹੈਲਥ ਚੈੱਕਅਪ ਵੀ ਕੀਤਾ ਗਿਆ ਤੇ ਹਰ ਇਕ ਆਏ ਖ਼ੂਨਦਾਨੀ ਨੂੰ ਚੰਗੀ ਜੀਵਨ ਸ਼ੈਲੀ ਅਤੇ ਚੰਗਾ ਖਾਣਾ ਪੀਣ ਨੂੰ ਲੈ ਕੇ ਜਾਗਰੂਕ ਕੀਤਾ ਗਿਆ। ਇਸ ਮੌਕੇ ਕੌਂਸਲਰ ਗੁਰਪ੍ਰੀਤ ਸਿੰਘ ਕੀਪਾ, ਬਲਵਿੰਦਰ ਸਿੰਘ ਗਿੱਲ, ਸੋਨੂੰ ਸਿੰਘ, ਸਮਾਜ ਸੇਵੀ ਤਰਸੇਮ ਸਿੰਗਲਾ, ਕਲੱਬ ਖਜਾਨਚੀ ਮਨਦੀਪ ਸਿੰਘ, ਸ਼ੁਭਦੀਪ ਸਿੰਘ, ਅਰਸ਼ਦੀਪ ਗਿੱਲ, ਅਮਨਦੀਪ ਸਿੰਘ, ਸੁਖਵਿੰਦਰ ਸਿੰਘ, ਨੱਥਾ ਸਿੰਘ, ਬਲਵਿੰਦਰ ਸਿੰਘ ਬੱਡੂ, ਰਾਜਿੰਦਰ ਸਿੰਘ ਚੱਠਾ, ਰਾਜੀਵ ਜਿੰਦਲ, ਗਗਨਦੀਪ ਮਲਕਾਣਾ, ਜਸਵੰਤ ਸਿੰਘ ਠੇਕੇਦਾਰ, ਸੁਖਪਾਲ ਸੋਨੂੰ, ਰਜਤ ਕੁਮਾਰ, ਚਿਮਨ ਲਾਲ ਆਦਿ ਹਾਜਰ ਸਨ।

# ਤਿਲਕ ਜੰਞੂ ਰਾਖਾ ਪ੍ਰਭ ਤਾਕਾ ॥ ਕੀਨੋ ਬਡੋ ਕਲੂ ਮਹਿ ਸਾਕਾ ॥




**ਧਰਮ ਪ੍ਰਚਾਰ** ਦੇ ਸਫ਼ਰ ਦੌਰਾਨ ਸਮਾਪਤੀ ਕਰਕੇ ਜਦੋਂ ਸ੍ਰੀ ਗੁਰੂ ਤੇਗ ਬਹਾਦਰ ਜੀ ਮਹਾਰਾਜ ਚਕ ਨਾਨਕੀ (ਆਜ ਦਾ ਆਨੰਦਪੁਰ ਸਾਹਿਬ) ਪਰਤ ਕੇ ਆਏ, ਸਮਾਂ ਸੀ 25 ਮਈ 1675 ਈਸਵੀ ਦਾ। ਇਹ ਉਹ ਪਲ ਸੀ ਜਦੋਂ ਕਸ਼ਮੀਰੀ ਪੰਡਤਾਂ ਦਾ ਸੋਲਾਂ ਮੈਂਬਰਾਂ ਦਾ ਇਕ ਡੈਲੀਗੇਸ਼ਨ, ਆਪਣੀ ਟੁੱਟੀ ਹੋਈ ਆਸ, ਕੰਬਦੀ ਹੋਈ ਰੂਹ ਅਤੇ ਡੁੱਬ ਚੁੱਕੇ ਮਨ ਨਾਲ,ਸ੍ਰੀ ਗੁਰੂ ਤੇਗ. ਬਹਾਦੁਰ ਸਾਹਿਬ ਜੀ ਮਹਾਰਾਜ ਦੇ ਦਰਬਾਰ ਵਿੱਚ ਅਨੰਦਪੁਰ ਸਾਹਿਬ ਹਾਜ਼ਰ ਹੋਇਆ।

ਭੱਟ ਵਹੀ ਵਿਚ ਲਿਖਿਆ ਇਹ ਪਾਵਨ ਪਵਿੱਤਰ ਇਤਿਹਾਸ ਬੜਾ ਹੀ ਸਪਸ਼ਟ ਤੇ ਗੰਭੀਰ ਦੱਸਦਾ ਹੈ ਕਿ:ਕਿਰਪਾ ਰਾਮ, ਜੋ ਰਾਮ ਦਾ ਪੁੱਤਰ, ਨਰੈਣ ਦਾਸ ਦਾ ਪੋਤਰਾ, ਬ੍ਰਹਮ ਦਾਸ ਦਾ ਪੜਪੋਤਰਾਂ ਮਟਨ ਗਾਂਵ ਦਾ ਨਿਵਾਸੀ, ਭਾਰਦਵਾਜ ਗੋ ਦਾ ਬ੍ਰਾਹਮਣ—ਖੋੜਸ ਮੁਖੀ ਬ੍ਰਾਹਮਣਾਂ ਨੂੰ ਸੰਗ ਲੈ ਕੇ ਗੁਰੂ ਸਾਹਿਬ ਜੀ ਦੇ ਦਰਬਾਰ ਵਿੱਚ ਆਇਆ। ਜਦ ਉਹ ਗੁਰੂ ਜੀ ਕੋਲ ਪੁੱਜਿਆ,ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਮਹਾਰਾਜ ਨੇ ਇਸ ਦੀ ਅਤਿਅੰਤ ਦੁਖੀ ਰੂਹ ਨੂੰ ਧੀਰਜ ਬਖ਼ਿਸ਼ਆ। ਇਹ ਸਿਰਫ਼ ਇੱਕ ਡੈਲੀਗੇਸ਼ਨ ਨਹੀਂ ਸੀ, ਇਹ ਉਹ ਰੂਹਾਂ ਸਨ ਜੋ ਔਰੰਗਜ਼ੇਬ ਦੇ ਜ਼ੁਲਮ ਦੀਆਂ ਚਾਬਕਾਂ ਹੇਠ ਰੋਂਦੀਆਂ ਜਾ ਰਹੀਆਂ ਸਨ ਜਿਹਨਾਂ ਦੀ ਆਪਣੀ ਧਾਰਮਿਕ ਅਸਤਿਤਵ ਤੱਕ ਖੋਹਿਆ ਜਾ ਰਿਹਾ ਸੀ। ਇਨ੍ਹਾਂ ਦੁਖੀ ਪੰਡਤਾਂ ਦੀ ਪੁਕਾਰ - ਦਰਦ ਭਰੀ ਇੱਕ ਡੂੰਘੀ ਪੁਕਾਰ ਵਾਰੇ ਕਵੀ ਸੇਵਾ ਸਿੰਘ, ਸ਼ਹੀਦ ਬਿਲਾਸ ਭਾਈ ਮਨੀ ਸਿੰਘ ਜੀ ਵਿੱਚ ਉਹ ਸਾਰਾ ਦ੍ਰਿਸ਼ ਇਸ ਤਰ੍ਹਾਂ ਵਰਨਣ ਕਰਦੇ ਹਨ ਜਿਸ ਨੂੰ ਪੜ੍ਹ ਕੇ ਵਿਚਾਰ ਕਰਕੇ ਰੂਹ ਕੰਬ ਉਠਦੀ ਹੈ ।

ਦੁਖੀਏ ਬਿਪਰ ਜੁ ਚੱਲ ਕੇ ਆਏ ਪੁਰੀ ਅਨੰਦ,

ਬਾਂਹਿ ਅਸਾਡੀ ਪਕਰੀਏ,ਗੁਰੂ ਹਰਿ ਗੋਬਿੰਦ ਕੇ ਚੰਦਹਾਥ ਜੋਰ ਕਹਿਯੋ ਕਿਰਪਾ ਰਾਮ ਦਤ ਬ੍ਰਾਹਮਣ ਮਟਨ ਗ੍ਰਾਮਹਮਰੋ ਬਲ ਅਬ ਰਹਯੋ ਨਹਿ ਕਾਈ ਹੇ ਗੁਰ ਤੇਗ ਬਹਾਦਰ ਰਾਈ

ਉਹ ਅਰਦਾਸ ਕਰਦੇ ਸਨ—"ਹੇ ਸੱਚੇ ਪਾਤਸ਼ਾਹ! ਅਸੀਂ ਬਹੁਤ ਤੰਗ ਆ ਗਏ ਹਾਂ, ਬੇਬਸ ਹੋ ਗਏ ਹਾਂ, ਹੁਣ ਸਾਡੀ ਲਾਜ ਤੁਸੀਂ ਹੀ ਰੱਖ ਸਕਦੇ ਹੋ।ਦਿਲਾਸਾ ਦਿਓ,ਸਹਾਰਾ ਦਿਓ ਨਹੀਂ ਤਾਂ ਸਾਡਾ ਧਰਮ,ਸਾਡੀ ਪਛਾਣ,ਸਾਡਾ ਜੀਵਨ—ਸਾਡਾ ਸਭ ਕੁਝ ਮਿਟ ਜਾਵੇਗਾ।"ਇਹ ਸਿਰਫ਼ ਸ਼ਬਦ ਨਹੀਂ ਸਨ; ਇਹ ਇੱਕ ਹਿੰਦੂ ਕੌਮ ਦੀ ਅਖੀਰਲੀ ਦਰਦਾਂ ਭਰੀ ਪੁਕਾਰ ਸੀ।

ਗੁਰੂ ਸਾਹਿਬ ਜੀ ਦਾ ਅੰਦਰੂਨੀ ਮੰਥਨ - ਸਮਾਂ ਫ਼ੈਸਲੇ ਦਾ ਸੀ ਗੁਰੂ ਜੀ ਪਹਿਲਾਂ ਹੀ ਜ਼ੁਲਮ ਦੀਆਂ ਹੱਦਾਂ ਨੂੰ ਜਾਣਦੇ ਸਨ, ਪਰ ਜਦੋਂ ਉਹਨਾਂ ਨੇ ਇਨ੍ਹਾਂ ਬੇਸਹਾਰਿਆਂ ਦੀ ਰੋਂਦੀ ਅਵਾਜ਼ ਆਪਣੇ ਚਰਨਾਂ ਵਿਚ ਸੁਣੀ, ਉਨ੍ਹਾਂ ਦਾ ਦਿਲ ਕੰਬ ਉਠਿਆ। ਉਹ ਡੂੰਘੀ ਚੁੱਪ ਵਿੱਚ ਚਲੇ ਗਏ—ਇਕ ਅਜਿਹੀ ਚੁੱਪ, ਜਿਸ ਵਿੱਚ ਕੌਮ ਦਾ ਦਰਦ, ਜ਼ੁਲਮ ਦਾ ਤੂਫ਼ਾਨ ਅਤੇ ਧਰਮ ਦੀ ਰੱਖਿਆ ਦੀ ਲੋੜ ਸਭ ਇਕੱਠੇ ਬੋਲ ਰਹੇ ਸਨ। ਇਸ ਮੌਨ ਦੇ ਪਿੱਛੇ ਇੱਕ ਭਾਰੀ ਚਿੰਤਾ ਸੀ—"ਹੁਣ ਮਨੁੱਖਤਾ ਦੇ ਇਸ ਨਰਸੰਘਾਰ ਦਾ ਅੰਤ ਕਿਵੇਂ ਹੋਵੇ? ਲੋਕਾਂ ਨੂੰ ਇਸ ਬੁਰੇ ਸਮੇਂ ਤੋਂ ਮੁਕਤੀ ਕੌਣ ਦੇਵੇ?"ਸਾਹਿਬਜ਼ਾਦਾ ਗੋਬਿੰਦ ਰਾਏ ਜੀ ਦੀ ਸੂਰਮਾਈ ਸੋਚ ਜਦੋਂ ਸਾਹਿਬਜ਼ਾਦਾ ਗੋਬਿੰਦ ਰਾਏ (ਭਵਿੱਖ ਦੇ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ) ਨੇ ਪਿਤਾ ਜੀ ਨੂੰ ਇਸ ਗੰਭੀਰਤਾ ਵਿੱਚ ਡੁੱਬਿਆ ਵੇਖਿਆ, ਉਨ੍ਹਾਂ ਬਹੁਤ ਪ੍ਰੇਮ ਨਾਲ ਪੁੱਛਿਆ "ਪਿਤਾ ਜੀ,ਗੁਰੂ ਦਰਬਾਰ ਵਿੱਚ ਏਨੀ ਚਿੰਤਾ ਕਿਉਂ?"ਗੁਰੂ ਜੀ ਨੇ ਸੱਚਾਈ ਦੱਸੀ ਕਿ "ਇਹ ਜ਼ੁਲਮ ਰੁ ਕੇਗਾ ਨਹੀਂ, ਜਦ ਤੱਕ ਕੋਈ ਮਹਾਤਮਾ ਜਨ ਧਰਮ ਦੀ ਖ਼ਾਤਰ ਆਪਣਾ ਸਿਰ ਕੁਰਬਾਨ ਕਰਨ ਲਈ ਤਿਆਰ ਨਾ ਹੋਵੇ"ਇਹ ਸੁਣਦੇ ਹੀ, ਸੂਰਬੀਰ, ਜਨਮਜਾਤ ਨਿਡਰ ਸਾਹਿਬਜ਼ਾਦੇ ਗੋਬਿੰਦ ਰਾਏ ਜੀ ਦੀ ਅਮਰ ਬੋਲੀ ਨਿਕਲੀ—"ਤੁਹਾਡੇ ਤੋਂ ਵੱਡਾ ਮਹਾਤਮਾ ਹੋਰ ਕੌਣ? ਤੁਸੀਂ ਹੀ ਇਹ ਜੋਤ ਹੋ ਜੋ ਮਨੁੱਖਤਾ ਨੂੰ ਬਚਾ ਸਕਦੇ ਹੋ।"ਇਹ ਸ਼ਬਦ ਸੁਣਦੇ ਹੀ ਸ੍ਰੀ ਗੁਰੂ ਤੇਗ. ਬਹਾਦੁਰ ਜੀ ਮਹਾਰਾਜ ਨੇ ਇੱਕ ਇਤਿਹਾਸਕ ਫ਼ੈਸਲਾ ਲਿਆ ਅਤੇ ਇਤਿਹਾਸ ਦਾ ਵੱਡਾ ਮੋੜ ਲਿਖਿਆ ਗਿਆ। ਧਰਮ ਦੀ ਲਾਜ ਬਚਾਉਣ ਲਈ ਗੁਰੂ ਨੇ ਆਪਣੇ ਸਿਰ ਦੀ ਬਾਜ਼ੀ ਲਗਾ ਦੇਣੀ ਸੀ। ਇਸ ਕਹਾਣੀ ਦਾ ਮੂਲ ਭਾਵ ਇਹ ਘਟਨਾ ਮਨੁੱਖਤਾ ਨੂੰ ਦੱਸਦੀ ਹੈ ਕਿ—ਜਦੋਂ ਜ਼ੁਲਮ ਹੱਦ ਤੋਂ ਵੱਧ ਵਧ ਜਾਂਦਾ ਹੈ, ਤਾਂ ਧਰਮ ਦੀ ਰੱਖਿਆ ਲਈ ਕੋਈ ਨਾ ਕੋਈ ਤੇਗ ਬਹਾਦਰ ਬਣਦਾ ਹੀ ਹੈ। ਗੁਰੂ ਤੇਗ ਬਹਾਦਰ ਜੀ ਨੇ ਸਿਰਫ਼ ਸਿੱਖਾਂ ਲਈ ਨਹੀਂ, ਸਾਰੀ ਮਨੁੱਖਤਾ ਲਈ,ਸਾਰੇ ਧਰਮਾਂ ਦੀ ਆਜ਼ਾਦੀ ਲਈ, ਰੂਹਾਨੀ ਇਨਸਾਫ਼ ਲਈ ਆਪਣਾ ਸੀਸ ਦੀ ਕੁਰਬਾਨੀ ਦੇ ਦਿੱਤੀ ਅਤੇ ਇਸੇ ਕਰਕੇ ਸਾਰਾ ਸੰਸਾਰ ਉਨ੍ਹਾਂ ਦੀ ਇਸ ਮਹਾਨ ਕੁਰਬਾਨੀ ਨੂੰ ਨਮਸਕਾਰ ਕਰਦਾ ਹੋਇਆ ਅਰਦਾਸ ਬੇਨਤੀ ਕਰਦਾ ਉਨ੍ਹਾਂ ਨੂੰ ਕਹਿੰਦਾ ਹੈ—ਧੰਨ ਧੰਨ ਸ੍ਰੀ ਤੇਗ. ਬਹਾਦੁਰ ਸਾਗਲ ਸੰਸਾਰ ਤੇ ਢਾਪੀ ਚਾਦਰ"

ਆਵਾਜ਼ਿ ਕੌਮ AWAZE QAUM International Newspaper & WEB TV

ਗੁਰੂ ਪੰਥ ਦਾ ਦਾਸ

## ਬਾਬਾ ਮੁਖਤਿਆਰ ਸਿੰਘ ਮੁਖੀ, ਟੋਡਰਵਾਲ

## ਵਿਦਿਆਰਥੀ ਦਮਦਮੀ ਟਕਸਾਲ ਯੂ . ਐਸ . ਏ .

## ਸੇਂਟ ਸੋਲਜਰ ਸਕੂਲ ਨੇ ਸ਼ਹੀਦ ਗਹਿਲ ਸਿੰਘ ਯਾਦਗਾਰੀ ਮੇਲੇ ਦੀ

# ਓਵਰਆਲ ਟਰਾਫੀ ਤੇ ਕੀਤਾ ਕਬਜ਼ਾ



**ਜੰਡਿਆਲਾ ਗੁਰੂ, 25 ਨਵੰਬਰ ( ਕੁਲਵੰਤ ਸਿੰਘ ਵਿਰਦੀ )**-ਸ਼ਹੀਦ ਗਹਿਲ ਸਿੰਘ ਯਾਦਗਾਰੀ ਟਰਸਟ ਵੱਲੋਂ ਪਿੰਡ ਛੱਜਲਵੱਡੀ ਦੀ ਗਰਾਊਂਡ ਵਿੱਚ ਸ਼ਹੀਦ ਗਹਿਲ ਸਿੰਘ ਯਾਦਗਾਰੀ ਮੇਲਾ ਕਰਵਾਇਆ ਗਿਆ ।ਜਿਸ ਵਿੱਚ ਬੱਚਿਆਂ ਦੇ ਭਾਸ਼ਣ ਕਵਿਤਾ ਗੀਤ ਪੇਂਟਿੰਗ ਕੈਲੀਗ੍ਰਾਫੀ ਅਤੇ ਕੋਰਿਓਗਰਾਫੀਆਂ ਦੇ ਮੁਕਾਬਲੇ ਕਰਾਏ ਗਏ । ਜਿਸ ਵਿੱਚ ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਜੰਡਿਆਲਾ ਗੁਰੂ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਇਸ ਮੇਲੇ ਦੀ ਓਵਰਆਲ ਟਰੋਫੀ ਤੇ ਕਬਜ਼ਾ ਕੀਤਾ। ਇਸੇ ਤਹਿਤ ਭਾਸ਼ਣ ਵਿੱਚ ਹਰਸਿਮਰਤ ਕੌਰ ਨੇ ਪਹਿਲਾ ਇਨਾਮ, ਕਵਿਤਾ ਵਿੱਚ ਗੁਰਲੀਨ ਕੌਰ ਨੇ ਪਹਿਲਾ ਇਨਾਮ, ਗੀਤ ਗਾਇਨ ਗੁਰਨੂਰ ਸਿੰਘ ਪਹਿਲਾ ਇਨਾਮ, ਪੇਂਟਿੰਗ ਜੂਨੀਅਰ ਪਰਨੀਤ ਕੌਰ ਪਹਿਲਾ ਇਨਾਮ, ਪੇਂਟਿੰਗ ਸਬ ਜੂਨੀਅਰ ਸੀਰਤ ਕੌਰ ਪਹਿਲਾ ਇਨਾਮ, ਅਤੇ ਸਮਾਇਰਾ ਸ਼ਰਮਾ ਨੇ ਤੀਸਰਾ ਇਨਾਮ ਅਤੇ ਪੇਂਟਿੰਗ ਸੀਨੀਅਰ ਵਿੱਚ ਗੁਰਸ਼ਰਨ ਸਿੰਘ ਨੇ ਤੀਸਰਾ ਇਨਾਮ ਹਾਸਿਲ ਕੀਤਾ। ਸਕੂਲ ਵੱਲੋਂ ਪੇਸ਼ ਕੀਤੀ ਗਈ ਕੋਰੀਓਗ੍ਰਾਫੀ ਨੂੰ ਵੀ ਖੂਬ ਸਰਾਹਿਆ ਗਿਆ ਅਤੇ ਕੋਰਿਓਗ੍ਰਾਫੀ ਵਿੱਚ ਵੀ ਪਹਿਲਾ ਇਨਾਮ ਹਾਸਲ ਕੀਤਾ। ਮੇਲੇ ਵਿੱਚ ਸਕੂਲ ਦੇ ਵਿਦਿਆਰਥੀ ਗੁਰਨੂਰ ਸਿੰਘ ਦੇ ਗਾਏ ਗੀਤ ਵੀ ਖੂਬ ਸਰਾਹਨਾ ਕੀਤੀ ਗਈ।। ਸਕੂਲ ਪਹੁੰਚਣ ਤੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ: ਮੰਗਲ ਸਿੰਘ ਕਿਸ਼ਨਪੁਰੀ ਜੀ ਅਤੇ ਪ੍ਰਿੰਸੀਪਲ ਡਾ: ਅਮਰਪ੍ਰੀਤ ਕੌਰ ਜੀ ਬੱਚਿਆਂ ਦਾ ਸ਼ਾਨਦਾਰ ਸਵਾਗਤ ਕੀਤਾ ਅਤੇ ਉਨਾਂ ਨੂੰ ਇਨਾਮ ਦਿੱਤੇ ਤੇ ਸ਼ਾਬਾਸ਼ੀ ਅਤੇ ਵਧਾਈ ਦਿੱਤੀ ਇਸ ਦੇ ਨਾਲ ਹੀ ਸਬੰਧਤ ਅਧਿਆਪਕਾਂ ਗੁਰਵਿੰਦਰ ਸਿੰਘ ਅਜੇ ਕੁਮਾਰ, ਸੁਸ਼ੀਲ ਕੁਮਾਰ, ਸੌਰਵ ਕੁਮਾਰ ਜਗਰੂਪ ਕੌਰ ਰਮਨਦੀਪ ਕੌਰ ਅਤੇ ਕਲਚਰਲ ਐਕਟੀਵਿਟੀ ਦੇ ਇੰਚਾਰਜ ਸ: ਜਸਬੀਰ ਸਿੰਘ ਦੀ ਮਿਹਨਤ ਨੂੰ ਵੀ ਖੂਬ ਸਰਾਇਆ ਅਤੇ ਸ਼ਾਬਾਸ਼ੀ ਦਿੱਤੀ ਅਤੇ ਅੱਗੇ ਤੋਂ ਵੀ ਇਸੇ ਤਰ੍ਹਾਂ ਮਿਹਨਤ ਕਰਨ ਲਈ ਪ੍ਰੇਰਿਆ। ਇਸ ਮੌਕੇ ਤੇ ਸਕੂਲ ਦੇ ਵਾਈਸ ਪ੍ਰਿੰਸੀਪਲ ਸ੍ਰੀਮਤੀ ਗੁਰਪ੍ਰੀਤ ਕੌਰ ਸ਼ਿਲਪਾ ਸ਼ਰਮਾ, ਕੋਆਰਡੀਨੇਟਰ ਨੀਲਾਕਸ਼ੀ ਗੁਪਤਾ ਕੁਆਡੀਨੇਟਰ ਸਮੂਹ ਸਟਾਫ ਤੇ ਬੱਚੇ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਭਾਜਪਾ ਵੱਲੋਂ ਸਰਕਲ ਤਰਸਿੱਕਾ ਦੇ ਅਹੁਦੇਦਾਰਾਂ ਦਾ ਐਲਾਨ

# ਭਾਜਪਾ ਸਭ ਨੂੰ ਨਾਲ ਲੈ ਕੇ ਚੱਲਣ ਵਾਲੀ ਪਾਰਟੀ : ਸੰਧੂ



**ਜੰਡਿਆਲਾ ਗੁਰੂ, 25 ਨਵੰਬਰ ( ਕੁਲਵੰਤ ਸਿੰਘ ਵਿਰਦੀ )**- ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਵਿੱਚ ਭਾਜਪਾ ਵੱਲੋਂ ਆਪਣੇ ਜਥੇਬੰਦਕ ਢਾਂਚੇ ਦੇ ਕੀਤੇ ਜਾ ਰਹੇ ਵਿਸਥਾਰ ਦੀ ਲੜੀ ਤਹਿਤ ਸਰਕਲ ਤਰਸਿੱਕਾ ਦੇ ਅਹੁਦੇਦਾਰਾਂ ਦਾ ਐਲਾਨ ਕੀਤਾ ਗਿਆ। ਭਾਜਪਾ ਦੇ ਸਰਕਲ ਤਰਸਿੱਕਾ ਪ੍ਰਧਾਨ ਮਨਜੀਤ ਸਿੰਘ ਸੰਧੂ ਨੇ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਰਕਲ ਤਰਸਿੱਕਾ ਦੀ ਟੀਮ ਵਿੱਚ 4 ਮੀਤ ਪ੍ਰਧਾਨ, 2 ਜਨਰਲ ਸਕੱਤਰ ਅਤੇ 4 ਸਕੱਤਰਾਂ ਤੋਂ ਇਲਾਵਾ ਮੋਰਚਿਆਂ ਦੇ ਪ੍ਰਧਾਨਾਂ ਦਾ ਐਲਾਨ ਕੀਤਾ ਗਿਆ ਹੈ। ਮਨਜੀਤ ਸਿੰਘ ਵੱਲੋਂ ਦਿੱਤੀ ਜਾਣਕਾਰੀ ਅਨੁਸਾਰ ਸਮਿੱਤਰ ਸਿੰਘ ਰਾਣਾ, ਬਲਵਿੰਦਰ ਸਿੰਘ, ਸ਼ੇਰ ਸਿੰਘ, ਹਰਭਜਨ ਸਿੰਘ ਸਰਕਾਰੀਆ (ਸਾਰੇ ਮੀਤ ਪ੍ਰਧਾਨ), ਸਤਬੀਰ ਸਿੰਘ ਮਨਜੀਤ ਸਿੰਘ( ਦੋਵੇਂ ਜਨਰਲ ਸਕੱਤਰ), ਅਦਨ ਕੁਮਾਰ, ਸਾਹਿਬ ਸਿੰਘ ਦਲਜੀਤ ਸਿੰਘ, ਚਰਨਜੀਤ ਸਿੰਘ ( ਸਾਰੇ ਸਕੱਤਰ), ਮੋਰਚਿਆਂ ਦੇ ਐਲਾਨੇ ਪ੍ਰਧਾਨਾਂ ਵਿੱਚ ਕੰਵਲਜੀਤ ਸਿੰਘ ਅਕਾਲਗੜ ਢਪਈਆਂ ਨੂੰ ਕਿਸਾਨ ਮੋਰਚਾ , ਬਲਵੰਤ ਸਿੰਘ ਨੂੰ ਯੁਵਾ ਮੋਰਚਾ, ਬੀਬੀ ਸਰਬਜੀਤ ਕੌਰ ਨੂੰ ਮਹਿਲਾ ਮੋਰਚਾ, , ਸਰਬਜੀਤ ਕੌਰ ਨੂੰ ਐਸ.ਸੀ. ਮੋਰਚਾ, ਅਮਨਦੀਪ ਕੌਰ ਨੂੰ ਓਬੀਸੀ ਮੋਰਚਾ ਦਾ ਸਰਕਲ ਪ੍ਰਧਾਨ ਐਲਾਨਿਆ ਗਿਆ ਹੈ।ਲਵਪ੍ਰੀਤ ਸਿੰਘ ਨੂੰ ਆਈ.ਟੀ. ਕਨਵੀਨਰ, ਗੁਰਸ਼ਰਨਪ੍ਰੀਤ ਸਿੰਘ ਨੂੰ ਸੋਸ਼ਲ ਮੀਡੀਆ ਕਨਵੀਨਰ, ਰਵੇਲ ਸਿੰਘ, ਸਾਹਿਬ ਸਿੰਘ, ਗੋਵਿੰਦਰ ਸਿੰਘ, ਮਨਪ੍ਰੀਤ ਸਿੰਘ ਨੂੰ ਕਾਰਜ ਕਰਨੀ ਮੈਂਬਰ ਬਣਾਇਆ ਗਿਆ ਹੈ। ਮਨਜੀਤ ਸਿੰਘ ਸੰਧੂ ਨੇ ਕਿਹਾ ਕਿ ਭਾਰਤੀ ਜਨਤਾ ਪਾਰਟੀ ਅੰਮ੍ਰਿਤਸਰ ਦਿਹਾਤੀ ਦੇ ਜ਼ਿਲ੍ਹਾ ਪ੍ਰਧਾਨ ਹਰਦੀਪ ਸਿੰਘ ਗਿੱਲ ਨਾਲ ਸਲਾਹ ਮਸ਼ਵਰਾ ਕਰਨ ਤੋਂ ਬਾਅਦ ਸਰਕਲ ਦੀ ਟੀਮ ਦਾ ਐਲਾਨ ਕੀਤਾ ਗਿਆ ਹੈ। ਸੰਧੂ ਨੇ ਕਿਹਾ ਕਿ ਭਾਜਪਾ ਸੰਗਠਨ ਦੀ ਮਜਬੂਤੀ ਵਿੱਚ ਵਿਸ਼ਵਾਸ ਰੱਖਦੀ ਹੈ। ਜਥੇਬੰਦਕ ਢਾਂਚੇ ਦੇ ਸਿਰ ’ਤੇ ਹੀ ਭਾਜਪਾ ਨੇ ਕੇਂਦਰ ਵਿੱਚ ਤੀਜੀ ਵਾਰੀ ਸਰਕਾਰ ਬਣਾਈ ਹੈ। ਉਹਨਾਂ ਕਿਹਾ ਕਿ ਬੂਥ ਅਤੇ ਪਿੰਡ ਪੱਧਰ ਤੱਕ ਪਾਰਟੀ ਦੀਆਂ ਇਕਾਈਆਂ ਸਥਾਪਿਤ ਕੀਤੀਆਂ ਜਾਣਗੀਆਂ। ਸੰਧੂ ਨੇ ਇਹ ਵੀ ਕਿਹਾ ਕਿ ਇਸ ਟੀਮ ਵਿੱਚ ਹਰ ਵਰਗ ਨੂੰ ਪ੍ਰਤੀਨਿਧਤਾ ਦਿੱਤੀ ਗਈ ਹੈ। ਭਾਰਤੀ ਜਨਤਾ ਪਾਰਟੀ ਹਰ ਵਰਗ ਨੂੰ ਮਾਨ ਸਨਮਾਨ ਦੇਣ ਵਿੱਚ ਵਿਸ਼ਵਾਸ ਰੱਖਦੀ ਹੈ ਤੇ ਸਭ ਦਾ ਸਾਥ, ਸਭ ਦਾ ਵਿਕਾਸ ਤੇ ਸਭ ਦਾ ਵਿਸ਼ਵਾਸ ਜਿੱਤਣ ਵਿੱਚ ਯਕੀਨ ਰੱਖਣ ਵਾਲੀ ਪਾਰਟੀ ਹੈ। ਇਸ ਮੌਕੇ ਪਾਰਟੀ ਜਨਤਾ ਪਾਰਟੀ ਦੀ ਜ਼ਿਲਾ ਪ੍ਰਧਾਨ ਹਰਦੀਪ ਸਿੰਘ ਗਿੱਲ ਤੋਂ ਇਲਾਵਾ , ਪਾਰਟੀ ਦੇ ਸੀਨੀਅਰ ਆਗੂ ਅਨੰਦ ਸ਼ਰਮਾ ਅਤੇ ਨਵੇਂ ਚੁਣੇ ਅਹਦੇਦਾਰ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਆਈਡੀਅਲ ਕੌਨਵੈਂਟ ਸਕੂਲ ਹਠੂਰ ਵਿੱਚ ਸ਼੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹੀਦੀ ਨੂੰ ਸਮਰਪਿਤ ਪ੍ਰੋਗਰਾਮ ਕਰਵਾਇਆ

## ਸਕੂਲ ਸਟਾਫ ਨੇ ਬੱਚਿਆਂ ਨੂੰ ਇਤਿਹਾਸ ਤੋਂ ਜਾਣੂੰ ਕਰਵਾਇਆ



**ਜਗਰਾਉਂ (ਵਰਿਆਮ ਹਠੂਰ)**-ਹਿੰਦ ਦੀ ਚਾਦਰ ਨੌਵੇਂ ਪਾਤਸ਼ਾਹ ਸ਼੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਇਤਿਹਾਸਕ ਕਸਬਾ ਹਠੂਰ ਦੇ ਆਈਡੀਅਲ ਕੌਨਵੈਂਟ ਸਕੂਲ ਵਿੱਚ ਇੱਕ ਪ੍ਰੋਗਰਾਮ ਕਰਵਾਇਆ ਗਿਆ, ਜਿਸ ਵਿੱਚ ਜਿੱਥੇ ਜਿੱਥੇ ਸਕੂਲ ਸਟਾਫ ਅਤੇ ਬੱਚਿਆਂ ਵੱਲੋਂ ਸਿਮਰਨ ਕੀਤਾ ਗਿਆ ਉੱਥੇ ਸਕੂਲ ਦੇ ਬੱਚਿਆਂ ਵੱਲੋਂ ਵੱਖ ਵੱਖ ਧਾਰਮਿਕ ਸ਼ਬਦ ਅਤੇ ਕਵੀਸ਼ਰੀ ਦੀ ਸ਼ਾਨਦਾਰ ਪੇਸ਼ਕਾਰੀ ਕੀਤੀ ਗਈ, “ਭਾਰਤ ਦੇਣ ਨੀ ਦੇ ਸਕਦਾ ਗੁਰੂ ਤੇਗ ਬਹਾਦਰ ਦਾ” ਕਵੀਸ਼ਰੀ ਰਾਹੀਂ ਬੱਚਿਆਂ ਨੇ ਸਭ ਦਾ ਦਿਲ ਮੋਹ ਲਿਆ, ਇਸ ਮੌਕੇ ਪ੍ਰਿੰਸੀਪਲ ਅਜੇਪਾਲ ਸਿੰਘ ਧਾਲੀਵਾਲ ਅਤੇ ਵਾਇਸ ਪ੍ਰਿੰਸੀਪਲ ਮੈਡਮ ਮਨਪ੍ਰੀਤ ਕੌਰ ਧਾਲੀਵਾਲ ਨੇ ਬੱਚਿਆਂ ਨੂੰ ਸ਼੍ਰੀ ਗੁਰੂ ਤੇਗ ਬਹਾਦਰ ਜੀ ਦੇ ਉੱਚੇ ਫਲਸਫੇ ਅਤੇ ਮਨੁੱਖਤਾ ਲਈ ਦਿੱਤੀ ਲਾਸਾਨੀ ਸ਼ਹਾਦਤ ਤੇ ਇਤਿਹਾਸ ਤੋਂ ਜਾਣੂੰ ਕਰਵਾਇਆ, ਉਨ੍ਹਾਂ ਕਿਹਾ ਕਿ ਹਿੰਦ ਦੀ ਚਾਦਰ ਨੌਵੇਂ ਪਾਤਸ਼ਾਹ ਸ਼੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਸਮਾਗਮ ਪੂਰਾ ਜਗਤ ਸ਼ਰਧਾ ਅਤੇ ਸਤਿਕਾਰ ਸਹਿਤ ਮਨਾ ਰਿਹਾ ਹੈ। ਗੁਰੂ ਘਰਾਂ ਵਿੱਚ ਸਤਿਗੁਰਾਂ ਦੀ ਇਲਾਹੀ ਬਾਣੀ ਦੇ ਜਾਪ ਹੋ ਰਹੇ ਹਨ। ਕਥਾ ਕੀਰਤਨ ਚੱਲ ਰਹੇ ਹਨ। ਇਸ ਨੂੰ ਮੁੱਖ ਰੱਖਦਿਆਂ ਸਾਡੇ ਆਈਡੀਅਲ ਕੌਨਵੈਂਟ ਸਕੂਲ ਵੱਲੋਂ ਵੀ ਬੱਚਿਆਂ ਨੇ ਗੁਰੂ ਸਾਹਿਬ ਨਾਲ ਸਬੰਧਿਤ ਧਾਰਮਿਕ ਸ਼ਬਦ ਅਤੇ ਕਵੀਸ਼ਰੀ ਦੀ ਪੇਸ਼ਕਾਰੀ ਕੀਤੀ, ਸਾਨੂੰ ਗੁਰੂ ਸਾਹਿਬ ਦੇ ਜੀਵਨ ਤੋਂ ਸੇਧ ਲੈਣੀ ਚਾਹੀਦੀ ਹੈ। ਸ਼੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹਾਦਤ ਨੂੰ ਕੋਟਿ ਕੋਟਿ ਪ੍ਰਣਾਮ ਕਰਦੇ ਹਾਂ, ਪ੍ਰੈਸ ਨਾਲ ਗੱਲਬਾਤ ਕਰਦਿਆਂ ਪ੍ਰਿੰਸੀਪਲ ਅਜੇਪਾਲ ਸਿੰਘ ਧਾਲੀਵਾਲ ਅਤੇ ਵਾਇਸ ਪ੍ਰਿੰਸੀਪਲ ਮੈਡਮ ਮਨਪ੍ਰੀਤ ਕੌਰ ਧਾਲੀਵਾਲ ਨੇ ਕਿਹਾ ਕਿ ਸਾਨੂੰ ਆਪਣੇ ਬੱਚਿਆਂ ਨੂੰ ਇਤਿਹਾਸ ਤੋਂ ਜਾਣੂੰ ਕਰਵਾਉਣਾ ਚਾਹੀਦਾ ਹੈ। ਗੁਰੂ ਸਹਿਬਾਨਾਂ ਦੇ ਆਗਮਨ ਪੁਰਬ ਅਤੇ ਸ਼ਹੀਦੀ ਪੁਰਬਾਂ ਬਾਰੇ ਵੀ ਸਮੇਂ ਸਮੇਂ ਤੇ ਬੱਚਿਆਂ ਨੂੰ ਜਾਣਕਾਰੀ ਦਿੰਦੇ ਰਹਿਣਾ ਚਾਹੀਦਾ ਹੈ। ਅੰਤ ਵਿੱਚ ਉਨ੍ਹਾਂ ਕਿਹਾ ਕਿ ਸਾਡੇ ਸਕੂਲ ਵੱਲੋਂ ਜਿੱਥੇ ਬੱਚਿਆਂ ਨੂੰ ਚੰਗੀ ਵਿੱਦਿਆ ਹਾਸਲ ਕਰਵਾਈ ਜਾਂਦੀ ਹੈ। ਉੱਥੇ ਬੱਚਿਆਂ ਨੂੰ ਸਮੇਂ ਸਮੇਂ ਨਾਲ ਇਤਿਹਾਸ ਤੋਂ ਵੀ ਜਾਣੂੰ ਕਰਵਾਉਂਦੇ ਹਾਂ, ਤੇ ਬੱਚਿਆਂ ਦੇ ਮਾਨਸਿਕ ਅਤੇ ਸਰੀਰਕ ਵਿਕਾਸ ਲਈ ਉਨ੍ਹਾਂ ਨੂੰ ਖੇਡਾਂ ਨਾਲ ਵੀ ਜੋੜਿਆ ਜਾਂਦਾ ਹੈ। ਤੇ ਬੱਚਿਆਂ ਦੇ ਮਨੋਰੰਜਨ ਦਾ ਵੀ ਖ਼ਾਸ ਧਿਆਨ ਦਿੱਤਾ ਜਾਂਦਾ ਹੈ। ਇਸ ਮੌਕੇ ਸਕੂਲ ਸਟਾਫ ਅਤੇ ਬੱਚੇ ਹਾਜ਼ਰ ਸਨ।





ਆਵਾਜ਼ਿ ਕੌਮ AWAZE QAUM International Newspaper & WEB TV

# ਵਿਸ਼ੇਸ਼ ਵਿਧਾਨ ਸਭਾ ਇਜਲਾਸ ਨੇ ਹੁਸ਼ਿਆਰਪੁਰ ਜ਼ਿਲ੍ਹੇ ਨੂੰ ਵੰਡ ਕੇ ਨਵਾਂ ਜ਼ਿਲ੍ਹਾ ਬਣਾਉਣ ਦੀਆਂ ਅਫਵਾਹਾਂ ਨੂੰ ਖਤਮ ਕਰ ਦਿੱਤਾ:- ਡਾ. ਇਸ਼ਾਂਕ ਕੁਮਾਰ

ਹੁਸ਼ਿਆਰਪੁਰ, 25 ਨਵੰਬਰ (ਆਵਾਜ਼ਿ ਕੌਮ ਬਿਊਰੋ)-ਚੱਬੇਵਾਲ ਵਿਧਾਨ ਸਭਾ ਹਲਕੇ ਦੇ ਵਿਧਾਇਕ ਅਤੇ ਆਮ ਆਦਮੀ ਪਾਰਟੀ ਦੇ ਆਗੂ ਡਾ. ਇਸ਼ਾਂਕ ਕੁਮਾਰ ਨੇ ਅੱਜ ਇਲਾਕੇ ਦੇ ਵਸਨੀਕਾਂ, ਖਾਸ ਕਰਕੇ ਜ਼ਿਲ੍ਹੇ ਦੇ ਵਕੀਲ ਭਾਈਚਾਰੇ ਨੂੰ ਇਸ ਗੱਲ ’ਤੇ ਵਧਾਈ ਦਿੱਤੀ ਹੈ ਕਿ ਕੱਲ੍ਹ ਆਨੰਦਪੁਰ ਸਾਹਿਬ ਵਿੱਚ ਹੋਏ ਵਿਸ਼ੇਸ਼ ਵਿਧਾਨ ਸਭਾ ਇਜਲਾਸ ਨੇ ਹੁਸ਼ਿਆਰਪੁਰ ਜ਼ਿਲ੍ਹੇ ਨੂੰ ਵੰਡ ਕੇ ਨਵਾਂ ਜ਼ਿਲ੍ਹਾ ਬਣਾਉਣ ਦੀਆਂ ਅਫਵਾਹਾਂ ਨੂੰ ਖਤਮ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਜਦੋਂ ਹੁਸ਼ਿਆਰਪੁਰ ਦੇ ਵਕੀਲ ਭਾਈਚਾਰੇ ਨੇ ਹਾਲ ਹੀ ਵਿੱਚ ਉਨ੍ਹਾਂ ਦੇ ਨਿਵਾਸ ਸਥਾਨ ’ਤੇ ਸੰਪਰਕ ਕੀਤਾ ਅਤੇ ਬੇਨਤੀ ਕੀਤੀ ਕਿ ਉਹ ਅਤੇ ਹੁਸ਼ਿਆਰਪੁਰ ਦੇ ਸੰਸਦ ਮੈਂਬਰ ਡਾ. ਰਾਜ ਕੁਮਾਰ ਇਸ ਮਾਮਲੇ ਬਾਰੇ ਸਰਕਾਰ ਨਾਲ ਗੱਲ ਕਰਨ ਅਤੇ ਪ੍ਰਸਤਾਵ ਨੂੰ ਪਾਸ ਹੋਣ ਤੋਂ ਰੋਕਣ, ਤਾਂ ਉਨ੍ਹਾਂ ਨੇ ਆਪਣੇ ਖੇਤਰਵਾਸੀਆਂ ਨੂੰ ਆਪਣੇ ਪੂਰੇ ਸਮਰਥਨ ਦਾ ਭਰੋਸਾ ਦਿੱਤਾ ਸੀ ਅਤੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਉਹਨਾਂ ਦੀਆਂ ਚਿੰਤਾਵਾਂ ਤੋਂ ਜਾਣੂ ਕਰਵਾਇਆ ਸੀ। ਉਨ੍ਹਾਂ ਕਿਹਾ, “ਉਸ ਸਮੇਂ ਵੀ, ਮੈਂ ਕਿਹਾ ਸੀ ਕਿ ਸਰਕਾਰ ਵੱਲੋਂ ਅਜਿਹਾ ਕੋਈ ਪ੍ਰਸਤਾਵ ਮੇਰੇ ਗਿਆਨ ਵਿੱਚ ਨਹੀਂ ਹੈ। ਇਸ ਮੁੱਦੇ ’ਤੇ ਤੱਥਾਂ ਤੋਂ ਬਿਨਾਂ ਫੈਲਾਈ ਜਾ ਰਹੀਆਂ ਅਫਵਾਹਾਂ ਨੇ ਲੋਕਾਂ ਵਿੱਚ ਬੇਲੋੜੀ ਚਿੰਤਾ ਪੈਦਾ ਕੀਤੀ ਹੈ, ਜਦੋਂ ਕਿ ਅਸਲੀਅਤ ਇਹ ਹੈ ਕਿ ਸਰਕਾਰ ਵੱਲੋਂ ਅਜਿਹਾ ਕੋਈ ਵੀ ਕਦਮ ਵਿਚਾਰ ਅਧੀਨ ਨਹੀਂ ਸੀ।” ਡਾ. ਇਸ਼ਾਂਕ ਨੇ ਕਿਹਾ ਕਿ ਉਨ੍ਹਾਂ ਨੇ ਇਲਾਕੇ ਦੇ ਲੋਕਾਂ ਅਤੇ ਵਕੀਲ ਭਾਈਚਾਰੇ ਦੀਆਂ ਭਾਵਨਾਵਾਂ ਨੂੰ ਸੁਣਿਆ ਅਤੇ ਉਨ੍ਹਾਂ ਦੀਆਂ ਚਿੰਤਾਵਾਂ ਨੂੰ ਸਮਝਿਆ। ਉਨ੍ਹਾਂ ਨੇ ਸੰਸਦ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨਾਲ ਮਿਲ ਕੇ ਸਰਕਾਰ ਨੂੰ ਇਹ ਵੀ ਸਪੱਸ਼ਟ ਕੀਤਾ ਕਿ ਹੁਸ਼ਿਆਰਪੁਰ ਜ਼ਿਲ੍ਹਾ ਇਤਿਹਾਸਕ ਅਤੇ ਭਾਵਨਾਤਮਕ ਤੌਰ ’ਤੇ ਇਸ ਖੇਤਰ ਦੀ ਪਛਾਣ ਨਾਲ ਜੁੜਿਆ ਹੋਇਆ ਹੈ, ਅਤੇ ਸਥਾਨਕ ਲੋਕਾਂ ਦਾ ਇਸ ਜ਼ਿਲ੍ਹੇ ਨਾਲ ਡੂੰਘਾ ਲਗਾਅ ਹੈ। ਇਸ ਲਈ, ਸਰਕਾਰ ਨੂੰ ਅਜਿਹਾ ਕੋਈ ਵੀ ਫੈਸਲਾ ਲੈਣ ਤੋਂ ਗੁਰੇਜ਼ ਕਰਨਾ ਚਾਹੀਦਾ ਹੈ ਜਿਸ ਨਾਲ ਲੋਕਾਂ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚੇ। ਵਿਧਾਇਕ ਨੇ ਅੱਗੇ ਕਿਹਾ ਕਿ ਇਸ ਅਤੇ ਹੋਰ ਸੰਵੇਦਨਸ਼ੀਲ ਵਿਸ਼ਿਆਂ ’ਤੇ ਬੇਬੁਨਿਆਦ ਬਿਆਨ ਦੇਣਾ ਜਨਤਾ ਵਿੱਚ ਅਸ਼ਾਂਤੀ ਫੈਲਾਉਣ ਦੇ ਬਰਾਬਰ ਹੈ। ਉਨ੍ਹਾਂ ਨੇ ਇਲਾਕੇ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਸੋਸ਼ਲ ਮੀਡੀਆ ਜਾਂ ਹੋਰ ਪਲੇਟਫਾਰਮਾਂ ’ਤੇ ਫੈਲ ਰਹੀ ਕਿਸੇ ਵੀ ਅਧੂਰੀ ਜਾਂ ਗੁੰਮਰਾਹਕੁੰਨ ਜਾਣਕਾਰੀ ’ਤੇ ਵਿਸ਼ਵਾਸ ਨਾ ਕਰਨ ਅਤੇ ਸਹੀ ਜਾਣਕਾਰੀ ਲਈ ਸਿਰਫ਼ ਪ੍ਰਮਾਣਿਕ, ਅਧਿਕਾਰਤ ਸਰੋਤਾਂ ’ਤੇ ਭਰੋਸਾ ਕਰਨ। ਅੰਤ ਵਿੱਚ, ਉਨ੍ਹਾਂ ਨੇ ਇੱਕ ਵਾਰ ਫਿਰ ਹੁਸ਼ਿਆਰਪੁਰ ਦੇ ਵਸਨੀਕਾਂ ਨੂੰ ਭਰੋਸਾ ਦਿਵਾਇਆ ਕਿ ਉਹ ਅਤੇ ਸੰਸਦ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਹਮੇਸ਼ਾ ਉਨ੍ਹਾਂ ਦੇ ਨਾਲ ਖੜ੍ਹੇ ਰਹਿਣਗੇ ਅਤੇ ਉਨ੍ਹਾਂ ਦੀ ਹੱਕਾਂ ਲਈ ਕੰਮ ਕਰਦੇ ਰਹਿਣਗੇ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### 350 ਸਾਲਾ ਸ਼ਹੀਦੀ ਸ਼ਤਾਬਦੀ ਮੌਕੇ ਗੁਰਦੁਆਰਾ ਮੰਜੀ ਸਾਹਿਬ ਪਾਤਸ਼ਾਹੀ ਨੌਵੀਂ ਦਸਵੀਂ ਵਿਖੇ

# ਅਖੰਡ ਪਾਠਾਂ ਦੇ ਭੋਗ ਪਾ ਕੇ ਕੀਤੀ ਸੰਪੂਰਨਤਾ

## ਹੈਡ ਗ੍ਰੰਥੀ ਬੁੰਗਾ ਮਸਤੂਆਣਾ ਬਾਬਾ ਤੇਜਾ ਸਿੰਘ ਨੇ ਗੁਰ ਇਤਿਹਾਸ ਤੋਂ ਜਾਣੂ ਕਰਵਾਇਆ, ਸ਼ਹੀਦਾਂ ਦੀਆਂ ਕੁਰਬਾਨੀਆਂ ਨੂੰ ਯਾਦ ਰੱਖਣ ਦੀ ਅਪੀਲ ਕੀਤੀ ਅਤੇ ਸੰਗਤਾਂ ਨੂੰ ਗੁਰੂ ਮਰਯਾਦਾ ਅਨੁਸਾਰ ਜੀਵਨ ਬਿਤਾਉਣ ਲਈ ਪ੍ਰੇਰਿਤ ਕੀਤਾ ਗਿਆ









**ਤਲਵੰਡੀ ਸਾਬੋ, 25 ਨਵੰਬਰ (ਗੁਰਜੰਟ ਸਿੰਘ ਨਥੇਹਾ)**- ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ, ਭਾਈ ਸਤੀ ਦਾਸ ਭਾਈ ਮਤੀ ਦਾਸ ਅਤੇ ਭਾਈ ਦਿਆਲਾ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ ਸਮਾਗਮਾਂ ਦੇ ਤਹਿਤ ਗੁਰਦੁਆਰਾ ਮੰਜੀ ਸਾਹਿਬ ਪਾਤਸ਼ਾਹੀ ਨੌਵੀਂ ਦਸਵੀਂ, ਦਮਦਮਾ ਸਾਹਿਬ ਵਿਖੇ ਬੁੰਗਾ ਮਸਤੂਆਣਾ ਸਾਹਿਬ ਵਲੋਂ ਅਖੰਡ ਪਾਠਾਂ ਦੇ ਭੋਗ ਪਾ ਕੇ ਸੰਪੂਰਨਤਾ ਕੀਤੀ ਗਈ। ਭੋਗ ਸਮੇਂ ਸੰਤ ਸੇਵਕ ਜਥਾ ਬੁੰਗਾ ਮਸਤੂਆਣਾ ਦੇ ਹਜ਼ੂਰੀ ਰਾਗੀ ਜਥੇ ਨੇ ਗੁਰਬਾਣੀ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਗੁਰਦੁਆਰਾ ਮੰਜੀ ਸਾਹਿਬ ਵਿੱਚ ਵੱਡੀ ਗਿਣਤੀ ’ਚ ਸੰਗਤਾਂ ਨਤਮਸਤਕ ਹੋਈਆਂ। ਇਸ ਮੌਕੇ ਨੇ ਬੁੰਗਾ ਮਸਤੂਆਣਾ ਮੁਖੀ ਬਾਬਾ ਕਾਕਾ ਸਿੰਘ ਨੇ ਦੱਸਿਆ ਕਿ ਇਹ ਸਮਾਗਮ ਨੌਂਵੇ ਪਾਤਸ਼ਾਹ ਜੀ ਦੀ ਸ਼ਹਾਦਤ ਨੂੰ ਯਾਦ ਕਰਦਾ ਹੈ, ਜਿਸ ਨੇ ਸਿਖ ਕੌਮ ਨੂੰ ਹਿੰਮਤ, ਸਚ ਅਤੇ ਕੁਰਬਾਨੀ ਦਾ ਸਦਾ ਕਾਇਮ ਰਹਿਣ ਵਾਲਾ ਸਨੇਹਾ ਦਿੱਤਾ। ਭੋਗ ਮੌਕੇ ਹੈਡ ਗ੍ਰੰਥੀ ਬੁੰਗਾ ਮਸਤੂਆਣਾ ਬਾਬਾ ਤੇਜਾ ਸਿੰਘ ਜਿੱਥੇ ਗੁਰ ਇਤਿਹਾਸ ਤੋਂ ਜਾਣੂ ਕਰਵਾਇਆ ਉੱਥੇ ਸ਼ਹੀਦਾਂ ਦੀਆਂ ਕੁਰਬਾਨੀਆਂ ਨੂੰ ਯਾਦ ਰੱਖਣ ਦੀ ਅਪੀਲ ਕੀਤੀ ਅਤੇ ਸੰਗਤਾਂ ਨੂੰ ਗੁਰੂ ਮਰਯਾਦਾ ਅਨੁਸਾਰ ਜੀਵਨ ਬਿਤਾਉਣ ਲਈ ਪ੍ਰੇਰਿਤ ਕੀਤਾ ਗਿਆ। ਸਮਾਪਤੀ ’ਤੇ ਬੁੰਗਾ ਮਸਤੂਆਣਾ ਸਾਹਿਬ ਵੱਲੋਂ ਸਮੂਹ ਸੰਗਤਾਂ ਲਈ ਲੰਗਰ ਦਾ ਪ੍ਰਬੰਧ ਕੀਤਾ ਗਿਆ। ਇਸ ਸ਼ਹੀਦੀ ਸਮਾਗਮ ਵਿਚ ਜਿਥੇ ਸੈਂਕੜਿਆਂ ਦੀ ਗਿਣਤੀ ’ਚ ਸੰਗਤ ਪਹੁੰਚੀ ਉਥੇ ਸ਼੍ਰੋਮਣੀ ਅਕਾਲੀ ਦਲ ਆਗੂ ਰਵੀਪ੍ਰੀਤ ਸਿੰਘ ਸਿੱਧੂ, ਕਾਂਗਰਸੀ ਆਗੂ ਖੁਸ਼ਬਾਜ ਸਿੰਘ ਜਟਾਣਾ, ਵੱਖ-ਵੱਖ ਸਮਾਜਿਕ, ਧਾਰਮਿਕ ਜਥੇਬੰਦੀਆਂ ਦੇ ਆਗੂ ਅਤੇ ਦਮਦਮਾ ਸਾਹਿਬ ਪ੍ਰੈੱਸ ਕਲੱਬ ਤਲਵੰਡੀ ਸਾਬੋ ਦੇ ਸਰਪ੍ਰਸਤ ਰਣਜੀਤ ਸਿੰਘ ਰਾਜੂ ਨੇ ਵੀ ਹਾਜ਼ਰੀ ਭਰੀ। ••

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

।। ਏਹ ਪ੍ਰਗਟ ਹਮਰੀ ਕਾਸ਼ੀ ।।

# ਤਖ਼ਤ ਸ਼੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ (ਬਠਿੰਡਾ) ਦੇ ਸਥਾਨ ਦੀ ਇਤਿਹਾਸਿਕ ਮਹੱਤਤਾ



**ਨਗਰੀ** ਤਲਵੰਡੀ ਸਾਬੋ, ਜੋ ਕਿ ਹੁਣ ਤਖਤ ਸ਼੍ਰੀ ਦਮਦਮਾ ਸਾਹਿਬ ਵਜੋਂ ਵਿਸ਼ਵ ਭਰ ਵਿੱਚ ਪ੍ਰਸਿੱਧੀ ਰੱਖਦਾ ਹੈ ਅਤੇ ਸਿੱਖ ਇਤਿਹਾਸ ਵਿੱਚ ਸਭ ਤੋਂ ਮਹੱਤਵਪੂਰਨ ਦੂਜੇ 'ਤਲਵੰਡੀ' ਦੇ ਨਾਮਕਰਨ ਤੇ ਆਬਾਦ ਹੈ। ਇਹ ਸਥਾਨ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਲਗਭਗ ਇੱਕ ਸਾਲ ਦੇ ਨਿਵਾਸ ਅਤੇ ਮਹਾਨ ਧਾਰਮਿਕ ਪਰਉਪਕਾਰਾਂ ਸਦਕਾ ਪੰਜ ਤਖਤਾਂ ਵਿੱਚੋਂ ਇੱਕ ਵਜੋਂ ਸਤਿਕਾਰਿਆ ਜਾਂਦਾ ਹੈ। 'ਤਲਵੰਡੀ' ਸ਼ਬਦ ਦਾ ਅਰਥ ਆਮ ਤੌਰ ਤੇ ਉਪਜਾਊ ਅਤੇ ਖੇਤੀ ਲਈ ਢੁਕਵੀਂ ਜਮੀਨ ਲਈ ਵਰਤਿਆ ਜਾਂਦਾ ਸੀ। 'ਗ੍ਰੰਥ ਗੁਰ ਪਦ ਪ੍ਰੇਮ ਪ੍ਰਕਾਸ਼' ਅਨੁਸਾਰ ਇਸ ਦਾ ਸ਼ਾਬਦਿਕ ਅਰਥ "ਭੂਮਿ ਦੁਖ ਖੰਡੀ÷(ਜਿਸ ਧਰਤੀ ਤੇ ਦੁੱਖ ਦੂਰ ਹੋਣ) ਹੈ। ਸਿੱਖ ਇਤਿਹਾਸ ਵਿੱਚ ਭਾਵੇਂ ਤਲਵੰਡੀ ਨਾਮ ਦੇ ਹੋਰ ਵੀ ਕਈ ਪਿੰਡ ਹਨ। ਪਰ 'ਤਲਵੰਡੀ' ਨਾਮ ਕਰਨ ਵਾਲੇ ਦੋ ਅਹਿਮ ਸਥਾਨ ਮੰਨੇ ਜਾਂਦੇ ਹਨ। ਪਹਿਲਾ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਜਨਮ ਸਥਾਨ -ਰਾਏ ਭੋਇ ਦੀ ਤਲਵੰਡੀ (ਨਨਕਾਣਾ ਸਾਹਿਬ ਪਾਕਿਸਤਾਨ) ਅਤੇ ਦੂਸਰਾ ਤਲਵੰਡੀ ਸਾਬੋ, ਦਮਦਮਾ ਸਾਹਿਬ ਹੈ। ਤਲਵੰਡੀ 'ਸਾਬੋ' ਦੇ ਨਾਮਕਰਨ ਬਾਰੇ ਲੋਕ ਮਨਾਂ 'ਤੇ ਦੋ ਧਾਰਨਾਵਾਂ ਚੱਲੀਆਂ ਆ ਰਹੀਆਂ ਹਨ। ਪਹਿਲੀ ਬਾਰਵੀਂ ਸਦੀ ਵਿੱਚ ਹਿੰਦੂ ਗੁੱਜਰਾਂ ਦੇ ਮੁਖੀ ਦੀ ਧੀ ਸਾਬੋ/ਸਹਾਬੋ ਨੇ ਇੱਥੇ ਚੌਧਰ ਸੰਭਾਲੀ, ਜਿਸ ਕਾਰਨ ਇਹ ਨਾਮ 'ਸਾਬੋ ਕੀ' ਤਲਵੰਡੀ ਪਿਆ। ਦੂਜੀ ਵਧੇਰੇ ਪ੍ਰਮਾਣਿਕ ਧਾਰਨਾ ਅਨੁਸਾਰ ਇਹ ਨਾਮ ਬਰਾੜ ਵੰਸ ਦੇ ਛੇਵੇਂ ਵਾਰਸ ਸਾਬੋ ਹੂਲਰ ਦੇ ਨਾਮ 'ਤੇ ਪਿਆ, ਜਿਸਨੇ ਸੰਨ 1526 ਵਿੱਚ ਪਾਣੀਪਤ ਦੀ ਪਹਿਲੀ ਲੜਾਈ ਦੌਰਾਨ ਬਾਦਸ਼ਾਹ ਬਾਬਰ ਦੀ ਮਦਦ ਕੀਤੀ ਸੀ। ਬਾਬਰ ਨੇ ਇਨਾਮ ਵਜੋਂ ਲੱਖੀ ਜੰਗਲ-ਬਠਿੰਡਾ ਖੇਤਰ 90-45 ਕਿਲੋਮੀਟਰ ਦੇ ਖੇਤਰ ਦਾ ਪਟਾ ਨਾਮਾ 'ਲੱਖੀ ਜੰਗਲ' ਦੇ ਨਾਮ ਤੇ ਸਿੱਧੂ ਬਰਾੜਾਂ ਨੂੰ ਦਿੱਤਾ ਸੀ, ਜਿਸ ਵਿੱਚੋਂ ਤਲਵੰਡੀ ਸਾਬੋ ਦਾ ਹਿੱਸਾ ਸਾਬੋ ਸਰਦਾਰ ਨੂੰ ਮਿਲਿਆ ਸੀ। ਉਸਨੇ ਇਸ ਨੂੰ ਆਪਣੀਆਂ ਰਾਜਸੀ ਗਤੀਵਿਧੀਆਂ ਦਾ ਕੇਂਦਰ ਬਣਾਇਆ।



ਗੁਰਮਤਿ ਕਾਲ ਦੌਰਾਨ ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ, ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ, ਸੱਤਵੇਂ ਪਾਤਸ਼ਾਹ ਸ਼੍ਰੀ ਗੁਰੂ ਹਰਿ ਰਾਇ ਸਾਹਿਬ ਜੀ, ਨੌਵੇ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਆਪੋ ਆਪਣੇ ਸਮਿਆਂ ਦੌਰਾਨ ਇੱਥੇ ਚਰਨ ਪਾਏ ਸਨ। ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਨੇ ਤਕਰੀਬਨ ਇੱਕ ਮਹੀਨੇ ਦਾ ਸਮਾਂ ਤਲਵੰਡੀ ਸਾਬੋ ਵਿਖੇ ਗੁਜਾਰਿਆ, ਸਰੋਵਰ ਖੁਦਵਾਇਆ ਅਤੇ ਇਸ ਥਾਂ ਦੇ ਮਹੱਤਵਪੂਰਨ ਬਣਨ ਦੀ ਭਵਿੱਖਬਾਣੀ ਕੀਤੀ।

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਆਗਮਨ ਮੁਕਤਸਰ ਦੀ ਜੰਗ ਫਤਿਹ ਹੋਣ ਉਪਰੰਤ ਸੰਨ 1705 ਈਸਵੀ ਦਾ ਹੈ। ਗੁਰੂ ਜੀ ਨੇ ਭਾਈ ਡੱਲੇ ਦੀ ਬੇਨਤੀ 'ਤੇ ਤਲਵੰਡੀ ਸਾਬੋ ਨੂੰ ਵਿਸ਼ਰਾਮ ਅਤੇ ਸਤਿ ਸੰਗਤ ਦੇ ਪੜਾਅ ਵਜੋਂ ਚੁਣਿਆ। ਭਾਈ ਗੱਲ ਸਿੰਘ ਨੇ ਇੱਥੋਂ ਕੁਝ ਦੂਰੀ ਤੇ ਜਿੱਥੇ ਬੰਗੀ ਨਿਹਾਲ ਸਿੰਘ ਦਾ ਗੁਰ ਅਸਥਾਨ ਬਣਿਆ ਹੈ। ਉਥੋਂ ਸੁਆਗਤ ਵਜੋਂ ਲੈਕੇ ਆਏ ਸਨ। ਸਰਬੰਸਦਾਨੀ ਪਾਤਸ਼ਾਹ ਇੱਥੇ 1400 ਸਿੱਖਾਂ ਦੇ ਦਲ ਸਮੇਤ ਪਧਾਰੇ ਸਨ, ਜਿਨ੍ਹਾਂ ਵਿੱਚੋਂ 500 ਘੋੜ ਸਵਾਰ ਅਤੇ 900 ਪੈਦਲ ਸਵਾਰ ਸੂਰਮੇ ਸਨ। ਦਮਦਮਾ ਸਾਹਿਬ ਵਿਖੇ ਜਦੋਂ ਗੁਰੂ ਜੀ ਨੂੰ ਮੰਜੀ ਸਾਹਿਬ ਦੇ ਸਥਾਨ 'ਤੇ ਵਿਸਰਾਮ ਲਈ ਥਾਂ ਦਿੱਤੀ ਗਈ ਤਾਂ ਉਨ੍ਹਾਂ ਫਰਮਾਇਆ ਕਿ 'ਇਹ ਥਾਂ ਅਨੰਦਪੁਰ ਦੇ ਦਮਦਮੇ ਬਰਾਬਰ ਹੈ'। ਇਸੇ ਕਾਰਨ ਇਹ ਸਥਾਨ ਦਮਦਮਾ ਸਾਹਿਬ ਦੇ ਨਾਂ 'ਤੇ ਮਕਬੂਲ ਹੋਇਆ। ਤਤਕਾਲੀਨ ਸਮੇਂ ਦੌਰਾਨ ਇਹ ਖੇਤਰ ਸੁੱਕਾ, ਜੰਗਲਾਤ ਵਾਲਾ ਅਤੇ ਮੁਗਲ ਫੌਜਾਂ ਦੀ ਪਹੁੰਚ ਤੋਂ ਦੂਰ ਹੋਣ ਕਾਰਨ ਰਣਨੀਤਕ ਤੌਰ ਤੇ ਸੁਰੱਖਿਅਤ ਸੀ। ਗੁਰੂ ਜੀ ਇੱਥੇ ਖਾਲਸਾ ਪੰਥ ਨੂੰ ਨਵੀਂ ਸ਼ਕਤੀ ਦੇਣ ਦਾ ਨਿਸ਼ਚਾ ਕੀਤਾ। ਗੁਰੂ ਗੋਬਿੰਦ ਸਿੰਘ ਜੀ ਨੇ ਤਲਵੰਡੀ ਸਾਬੋ ਵਿੱਚ ਦਸੰਬਰ 1705 ਤੋਂ ਲੈ ਕੇ ਅਕਤੂਬਰ 1706 ਤੱਕ ਤਕਰੀਬਨ ਨੌਂ ਮਹੀਨੇ ਨਿਵਾਸ ਕੀਤਾ ਅਤੇ ਕਈ ਇਤਿਹਾਸਕ ਕਾਰਜ ਕੀਤੇ। 'ਸ੍ਰੀ ਅਨੰਦਪੁਰ ਸਾਹਿਬ' ਦੇ ਬਿਖੜੇ ਖਾਲਸੇ ਦੀ ਇਸ ਧਰਤੀ ਤੇ ਦੁਬਾਰਾ ਮੁੜ ਭਰ ਵਗਦੇ ਦਰਿਆ ਨੁਮਾ ਚੜ੍ਹਤ ਕਾਇਮ ਕੀਤੀ। ਮਹਾਂਬਲੀ ਗੁਰੂ ਜੀ ਨੇ 1706 ਦੀ ਵਿਸਾਖੀ ਤੱਕ ਮੌਕੇ ਹਜ਼ਾਰਾਂ ਸਿੱਖਾਂ ਨੂੰ ਅੰਮ੍ਰਿਤ ਛਕਾਇਆ ਤੇ ਖੰਡੇ ਦੀ ਪਹੁਲ ਦਾ ਪ੍ਰਚਾਰ ਪ੍ਰਸਾਰ ਕੀਤਾ। ਵਿਸਾਖੀ 1706 ਦੀ ਸਭਾ ਨੂੰ ਅਨੰਦਪੁਰ ਸਾਹਿਬ ਦੀ 1699 ਦੀ ਵਿਸਾਖੀ ਦੇ ਬਰਾਬਰ ਮੰਨਿਆ ਜਾਂਦਾ ਹੈ। ਉਸ ਮੌਕੇ ਕਈ ਪ੍ਰਸਿੱਧ ਕਬੀਲੇ ਸਿੱਖੀ ਧਾਰਨ ਕਰਕੇ ਗੁਰੂ ਕੇ ਸਿੱਖ ਬਣੇ ਸਨ। ਇਸ ਜਗ੍ਹਾ ਤੋਂ ਹੀ ਭਾਈ ਦਇਆ ਸਿੰਘ ਪੰਜ ਪਿਆਰੇ ਦੀ ਅਗਵਾਈ ਦੇ ਵਿੱਚ ਪੰਜ ਸਿੰਘਾਂ ਨੂੰ ਦੀਨਾ ਕਾਂਗੜ ਵਿਖੇ ਲਿਖਿਆ ਗਿਆ 'ਜ਼ਫ਼ਰਨਾਮਾ ਸਾਹਿਬ' ਦੱਖਣ ਦੇ ਵਿੱਚ ਔਰੰਗਜ਼ੇਬ ਨੂੰ ਦੇਣ ਦੇ ਵਾਸਤੇ ਔਰੰਗਾਬਾਦ ਤੋਰਿਆ ਸੀ। ਇੱਥੇ ਹੀ ਪਰਿਵਾਰ ਵਿਛੋੜਾ ਪੈਣ ਉਪਰੰਤ ਮਾਤਾ ਜੀਤੋ ਜੀ ਸੁੰਦਰਾਂ ਜੀ ਮਾਤਾ ਸਾਹਿਬ ਦੇਵਾਂ, ਜੋ ਭਾਈ ਮਨੀ ਸਿੰਘ ਜੀ ਦੇ ਨਾਲ ਦਿੱਲੀ ਵਿਖੇ ਚੱਲੀਆਂ ਗਈਆਂ ਸਨ। ਇਸ ਜਗ੍ਹਾ ਤੇ ਮੁੜ ਮਿਲਾਪ ਹੋਇਆ ਸੀ। ਜਿਨ੍ਹਾਂ ਦੇ ਪੁੱਛਣ ਤੇ ਗੁਰੂ ਪਾਤਸ਼ਾਹ ਨੇ ਸਾਡੇ ਵੱਲ ਹੱਥ ਕਰਕੇ ਕਿਹਾ ਸੀ।

**ਇਨ ਪੁੱਤਰਨ ਕੇ ਸੀਸ ਪੇ, ਵਾਰ ਦੀਏ ਸੁਤ ਚਾਰ।**
**ਚਾਰ ਮੂਏ ਤੋਂ ਕਿਆ ਹੂਆ, ਜੀਵਤ ਕਈ ਹਜ਼ਾਰ।**

ਦਸਮ ਪਾਤਸ਼ਾਹ ਵੱਲੋਂ ਦਮਦਮਾ ਸਾਹਿਬ ਦੀ ਧਰਤੀ ਤੇ ਲਿਖਾਰੀ ਭਾਈ ਮਨੀ ਸਿੰਘ ਅਤੇ ਸਹਾਇਕ ਲਿਖਾਰੀ ਬਾਬਾ ਦੀਪ ਸਿੰਘ ਜੀ ਦੁਆਰਾ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੀੜ ਲਿਖਵਾਉਣ ਦਾ ਸਭ ਤੋਂ ਮਹਾਨ ਕਾਰਜ ਸੰਪੰਨ ਕੀਤਾ ਗਿਆ, ਇਸ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਦਮਦਮੀ ਬੀੜ ਵੀ ਪੁਕਾਰਿਆ ਜਾਂਦਾ ਹੈ। ਗੁਰੂ ਜੀ ਨੇ ਆਪਣੀ ਆਤਮਿਕ ਸ਼ਕਤੀ ਨਾਲ ਇੱਥੇ ਸਮੁੱਚੀ ਗੁਰਬਾਣੀ ਦਾ ਪਾਠ ਕੀਤਾ ਅਤੇ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਬਾਣੀ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਦਰਜ਼ ਕਰਵਾਇਆ। ਇੱਥੇ ਸੰਪੰਨ ਕੀਤੀ ਗੁਰਬਾਣੀ ਦੀ ਬੀੜ ਨੂੰ 1708 ਈਸਵੀ ਵਿੱਚ ਨੰਦੇੜ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਰੂਪ ਵਿੱਚ ਗੁਰਿਆਈ ਪ੍ਰਾਪਤ ਕੀਤੀ। ਗੁਰੂ ਜੀ ਨੇ ਵਿੱਦਿਆ ਦਾ ਕੇਂਦਰ-ਕਾਸ਼ੀ (ਬਨਾਰਸ) ਦੀ ਤਰ੍ਹਾਂ ਦਮਦਮਾ ਸਾਹਿਬ ਨੂੰ ਗੁਰੂ ਕੀ ਕਾਸ਼ੀ ਦਾ ਖਿਤਾਬ ਦਿੱਤਾ। ਗੁਰੂ ਜੀ ਨੇ ਤਲਵੰਡੀ ਸਾਬੋ-ਦਮਦਮਾ ਸਾਹਿਬ ਦੀ ਧਰਤੀ 'ਤੇ ਗੁਰਮਤਿ ਗਿਆਨ ਦੇ ਪ੍ਰਚਾਰ ਲਈ ਧਾਰਮਿਕ ਪਾਠਸ਼ਾਲਾ ਸਥਾਪਿਤ ਕੀਤੀ, ਜਿਸ ਨੂੰ ਦਮਦਮੀ ਟਕਸਾਲ ਟਕਸਾਲ ਵਜੋਂ ਜਾਣਿਆ ਗਿਆ। ਇੱਥੇ ਗੁਰਮਤਿ ਭਾਸ਼ਾ, ਕਵਿਤਾ, ਸ਼ਾਸਤਰ ਵਿੱਦਿਆ ਅਤੇ ਇਤਿਹਾਸ ਦੀ ਵਿਦਿਆ ਪੜ੍ਹਾਈ ਜਾਂਦੀ ਸੀ ਗੁਰੂ ਜੀ ਦੀ ਵਿਦਾਈ ਤੋਂ ਬਾਅਦ ਬਾਬਾ ਦੀਪ ਸਿੰਘ ਨੇ ਪਹਿਲੇ ਜਥੇਦਾਰ ਵਜੋਂ ਦਮਦਮੀ ਟਕਸਾਲ ਦੀ ਸੇਵਾ ਸੰਭਾਲੀ। ਮਹਾਂਬਲੀ ਦਸਮ ਪਾਤਸ਼ਾਹ ਨੇ ਅਕਤੂਬਰ 1706 ਈਸਵੀ ਵਿੱਚ ਬਹਾਦਰ ਸ਼ਾਹ ਨੂੰ ਮਿਲਣ ਅਤੇ ਸਰਹਿੰਦ ਦੇ ਵਿਖੇ ਹੋਏ ਜੁਲਮਾਂ ਦਾ ਇਨਸਾਫ ਲੈਣ ਲਈ ਦੱਖਣ ਵੱਲ ਕੂਚ ਕੀਤਾ। ਮਿਸਲਾਂ ਦੇ ਸਮੇਂ ਦੌਰਾਨ ਵੀ ਤਲਵੰਡੀ ਸਾਬੋ ਦਮਦਮਾ ਸਾਹਿਬ ਸਿੱਖ ਸਰਗਰਮੀਆਂ ਦਾ ਕੇਂਦਰ ਬਣਿਆ ਰਿਹਾ ਮਹਾਰਾਜਾ ਰਣਜੀਤ ਸਿੰਘ ਦੇ ਕਾਰਜਕਾਲ ਮੌਕੇ ਦਮਦਮਾ ਸਾਹਿਬ ਨੂੰ ਵਿਸ਼ੇਸ਼ ਸਨਮਾਨ ਮਿਲਿਆ ਸੀ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੁਆਰਾ 18 ਨਵੰਬਰ 1966 ਈਸਵੀ ਨੂੰ ਇਹ ਸਥਾਨ ਸਿੱਖਾਂ ਦਾ ਚੋਥਾ ਤਖਤ ਐਲਾਨਿਆ ਗਿਆ। ਇੱਥੇ ਤਖਤ ਸ਼੍ਰੀ ਦਮਦਮਾ ਸਾਹਿਬ ਦੇ ਨੇੜੇ ਗੁਰਦੁਆਰਾ ਮੰਜੀ ਸਾਹਿਬ, ਗੁਰਦੁਆਰਾ ਨੈਣ ਗੁਣੀ ਸਾਹਿਬ ,ਗੁਰਦੁਆਰਾ ਲਿਖਣਸਰ ਸਾਹਿਬ, ਗੁਰਦੁਆਰਾ ਜੰਡ ਸਾਹਿਬ ਅਤੇ ਹੋਰ ਅਨੇਕਾਂ ਗੁਰਧਾਮ ਸੁਸ਼ੋਭਿਤ ਹਨ।

**-ਖੁਸ਼ਦੀਪ ਸਿੰਘ ਗਿੱਲ**
**ਸਹਾਇਕ ਪ੍ਰੋਫੈਸਰ, ਸਰੀਰਕ ਸਿੱਖਿਆ ਵਿਭਾਗ**
**ਗੁਰੂ ਕਾਸ਼ੀ ਯੂਨੀਵਰਸਿਟੀ, ਤਲਵੰਡੀ ਸਾਬੋ, ਬਠਿੰਡਾ।**
**ਮੋਬਾਇਲ** 94175-80453

## ਦਿੱਲੀ ਗੁਰਦੁਆਰਾ ਕਮੇਟੀ ਨੇ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਨਗਰ ਕੀਰਤਨ ਸਜਾਇਆ



ਨਵੀਂ ਦਿੱਲੀ, 25 ਨਵੰਬਰ (ਮਨਪ੍ਰੀਤ ਸਿੰਘ ਖਾਲਸਾ): ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਅਤੇ ਉਹਨਾਂ ਦੇ ਤਿੰਨ ਅਨਿੰਨ ਸੇਵਕਾਂ ਭਾਈ ਮਤੀ ਦਾਸ, ਭਾਈ ਸਤੀ ਦਾਸ ਤੇ ਭਾਈ ਦਿਆਲਾ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਦੇ ਮੌਕੇ 'ਤੇ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ। ਅਰਦਾਸ ਉਪਰੰਤ ਨਗਰ ਕੀਰਤਨ ਗੁਰਦੁਆਰਾ ਸੀਸ ਗੰਜ ਸਾਹਿਬ ਤੋਂ ਪੰਜ ਪਿਆਰਿਆਂ ਦੀ ਅਗਵਾਈ ਆਰੰਭ ਹੋਇਆ। ਨਗਰ ਕੀਰਤਨ ਵਿਚ ਬੇਹੱਦ ਸੁੰਦਰ ਪਾਲਕੀ ਵਿਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਰੂਪ ਸੁਸ਼ੋਭਿਤ ਸਨ। ਇਹ ਨਗਰ ਕੀਰਤਨ ਗੁਰਦੁਆਰਾ ਸੀਸਗੰਜ ਸਾਹਿਬ ਤੋਂ ਸ਼ੁਰੂ ਹੋ ਕੇ ਅਜਮੇਰੀ ਗੇਟ, ਪਹਾੜਗੰਜ, ਨਵੀਂ ਦਿੱਲੀ ਰੇਲਵੇ ਸਟੇਸ਼ਨ, ਕਨਾਟ ਪਲੇਸ, ਬਾਬਾ ਖੜਗ ਸਿੰਘ ਮਾਰਗ ਤੋਂ ਹੁੰਦੇ ਹੋਏ ਗੁਰਦੁਆਰਾ ਰਕਾਬਗੰਜ ਸਾਹਿਬ ਵਿਖੇ ਪਹੁੰਚ ਕੇ ਸੰਪੰਨ ਹੋਇਆ।

ਨਗਰ ਕੀਰਤਨ ਵਿਚ ਦਲ ਪੰਥ ਜਥੇਬੰਦੀਆਂ, ਨਿਹੰਗ ਸਿੰਘਾਂ ਦੇ ਜੱਥੇ, ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲਾਂ ਦੇ ਵਿਦਿਆਰਥੀ ਜੱਥਿਆਂ ਨੇ ਸ਼ਮੂਲੀਅਤ ਕੀਤੀ। ਇਸ ਬਾਰੇ ਜਾਣਕਾਰੀ ਦਿੰਦਿਆਂ ਦਿੱਲੀ ਗੁਰਦੁਆਰਾ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਦੱਸਿਆ ਕਿ ਅੱਜ ਬਹੁਤ ਹੀ ਵੱਡਾ ਇਤਿਹਾਸਕ ਦਿਹਾੜਾ ਹੈ ਤੇ ਅਸੀਂ ਸਾਰੇ ਵਡਭਾਗੀ ਹਾਂ ਜੋ ਸਾਨੂੰ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ 350 ਸਾਲਾ ਸ਼ਹੀਦੀ ਦਿਹਾੜਾ ਮਨਾਉਣ ਦਾ ਮੌਕਾ ਮਿਲਿਆ ਹੈ। ਉਹਨਾਂ ਕਿਹਾ ਕਿ ਇਸ ਦਿਹਾੜੇ ਨੂੰ ਲੈ ਕੇ ਸੰਗਤਾਂ ਵਿਚ ਬੇਹੱਦ ਸ਼ਰਧਾ ਤੇ ਸਤਿਕਾਰ ਦੀ ਭਾਵਨਾ ਭਰਪੂਰ ਰਹੀ। ਸੰਗਤਾਂ ਨੇ ਵੱਡੀ ਗਿਣਤੀ ਵਿਚ ਜਿਥੇ ਨਗਰ ਕੀਰਤਨ ਵਿਚ ਸ਼ਮੂਲੀਅਤ ਕੀਤੀ, ਉਥੇ ਹੀ ਨਗਰ ਕੀਰਤਨ ਵਿਚ ਸ਼ਾਮਲ ਸੰਗਤਾਂ ਵਾਸਤੇ ਸਾਰੇ ਰਸਤੇ ਵਿਚ ਚਾਹ, ਪਕੌੜਿਆਂ ਸਮੇਤ ਵੱਖ-ਵੱਖ ਚੀਜ਼ਾਂ ਦੇ ਲੰਗਰ ਲਗਾਏ ਗਏ ਸਨ। ਇਸ ਦੌਰਾਨ ਲਾਲ ਕਿਲ੍ਹੇ 'ਤੇ ਚਲ ਰਹੇ ਤਿੰਨ ਰੋਜ਼ਾ ਸਮਾਗਮਾਂ ਦੇ ਅਖੀਰਲੇ ਦਿਨ ਅੱਜ ਇਕ ਲੱਖ ਤੋਂ ਵੱਧ ਸਹਿਜ ਪਾਠਾਂ ਦੀ ਸੰਪੂਰਨਤਾ ਸਮੂਹਿਕ ਤੌਰ 'ਤੇ ਕੀਤੀ ਗਈ। ਸੰਗਤਾਂ ਵੱਲੋਂ ਇਹ ਸਹਿਜ ਪਾਠ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਨੂੰ ਮੁੱਖ ਰੱਖਦਿਆਂ ਰੱਖੇ ਗਏ ਸਨ। ਕਮੇਟੀ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਸਮੇਤ ਕਮੇਟੀ ਦੀ ਟੀਮ ਨੇ ਸਹਿਜ ਪਾਠਾਂ ਦੀ ਸੰਪੂਰਨਤਾ ਵਿਚ ਆਪ ਸ਼ਮੂਲੀਅਤ ਕੀਤੀ। ਇਸ ਮੌਕੇ ਹੋਏ ਸਮਾਗਮ ਵਿਚ ਤਖ਼ਤ ਪਟਨਾ ਸਾਹਿਬ ਦੇ ਜਥੇਦਾਰ ਗਿਆਨੀ ਬਲਦੇਵ ਸਿੰਘ ਤੇ ਐਡੀਸ਼ਨਲ ਹੈਡ ਗ੍ਰੰਥੀ ਗੁਰਦਿਆਲ ਸਿੰਘ ਵੀ ਉਚੇਚੇ ਤੌਰ 'ਤੇ ਸ਼ਾਮਲ ਹੋਏ। ਢਿੱਲੀ ਕਮੇਟੀ ਪ੍ਰਬੰਧਕਾ ਵਲੋ ਸਿੰਘ ਸਾਹਿਬ ਜੀ ਦਾ ਸਨਮਾਨ ਵੀ ਕੀਤਾ ਗਿਆ।

## ਮੁੱਖ ਮੰਤਰੀ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਵਸ ਮੌਕੇ ਸੂਬਾ ਪੱਧਰੀ ਖ਼ੂਨਦਾਨ ਅਤੇ ਅੰਗਦਾਨ ਮੁਹਿੰਮ ਦੀ ਸ਼ੁਰੂਆਤ

**ਸ੍ਰੀ ਅਨੰਦਪੁਰ ਸਾਹਿਬ, 25 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਵਸ ਮੌਕੇ ਅੱਜ ਵਿਰਾਸਤ-ਏ-ਖਾਲਸਾ ਵਿਖੇ ਸੂਬਾ ਸਰਕਾਰ ਦੀ ਸੂਬਾ ਪੱਧਰੀ ਖ਼ੂਨਦਾਨ ਅਤੇ ਪੌਦੇ ਲਗਾਉਣ ਦੇ ਕੈਂਪਾਂ ਦੀ ਸ਼ੁਰੂਆਤ ਕੀਤੀ।

ਮੁੱਖ ਮੰਤਰੀ ਨੇ ਕਿਹਾ ਕਿ ਇਹ ਪੌਦੇ ਲਗਾਉਣ ਦੀ ਮੁਹਿੰਮ ਮਹਾਨ ਗੁਰੂ ਸਾਹਿਬਾਨ ਨੂੰ ਸ਼ਰਧਾਂਜਲੀ ਦੇਣ ਦਾ ਸਭ ਤੋਂ ਵਧੀਆ ਤਰੀਕਾ ਹੈ, ਜਿਨ੍ਹਾਂ ਨੇ 'ਪਵਣੁ ਗੁਰੂ ਪਾਣੀ ਪਿਤਾ ਮਾਤਾ ਧਰਤਿ ਮਹਤੁ' ਦਾ ਸਦੀਵੀ ਸੰਦੇਸ਼ ਦਿੱਤਾ। ਇਸ ਮੁਹਿੰਮ ਤਹਿਤ ਵਾਤਾਵਰਨ ਦੀ ਸੁਰੱਖਿਆ ਦੇ ਨਾਲ-ਨਾਲ ਪੌਦੇ ਲਗਾ ਕੇ ਵਾਤਾਵਰਨ ਸੰਤੁਲਨ ਯਕੀਨੀ ਬਣਾਇਆ ਜਾ ਸਕੇਗਾ। ਉਨ੍ਹਾਂ ਕਿਹਾ ਕਿ ਇਹ ਮੁਹਿੰਮ ਸੂਬਾ ਸਰਕਾਰ ਦੀ ਵਚਨਬੱਧਤਾ ਅਨੁਸਾਰ ਸ਼ੁਰੂ ਕੀਤੀ ਜਾ ਰਹੀ ਹੈ ਤਾਂ ਕਿ ਜ਼ਿਲ੍ਹੇ ਵਿੱਚ ਹਰਿਆਲੀ ਵਧਾ ਕੇ ਪੰਜਾਬ ਨੂੰ ਸਾਫ਼ ਅਤੇ ਪ੍ਰਦੂਸ਼ਣ ਮੁਕਤ ਬਣਾਉਣ ਲਈ ਲੋਕਾਂ ਨੂੰ ਵੱਧ ਤੋਂ ਵੱਧ ਪੌਦੇ ਲਗਾਉਣ ਲਈ ਉਤਸ਼ਾਹਿਤ ਕੀਤਾ ਜਾਵੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਕੁਦਰਤੀ ਸਰੋਤ ਰੁੱਖ ਵਾਤਾਵਰਨ ਨੂੰ ਬਿਹਤਰ ਬਣਾਉਣ ਲਈ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਕਿਹਾ ਕਿ ਹੁਣ ਸਮਾਂ ਆ ਗਿਆ ਹੈ ਕਿ ਲੋਕ ਅੱਗੇ ਆਉਣ ਅਤੇ ਜ਼ਿਲ੍ਹੇ ਵਿੱਚ ਹਰਿਆਲੀ ਵਧਾਉਣ ਲਈ ਪੌਦੇ ਲਗਾਉਣ ਅਤੇ ਉਨ੍ਹਾਂ ਦੀ ਸਹੀ ਦੇਖਭਾਲ ਲਈ ਪ੍ਰਸ਼ਾਸਨ ਦਾ ਸਾਥ ਦੇਣ।

ਮੁੱਖ ਮੰਤਰੀ ਨੇ ਲੋਕਾਂ ਅਤੇ ਸਿਹਤ ਵਿਭਾਗ ਦੇ ਸਟਾਫ਼ ਨੂੰ ਅੰਗ ਦਾਨ ਦੀ ਸਹੁੰ ਵੀ ਚੁਕਾਈ, ਸਾਰਿਆਂ ਨੂੰ ਇਸ ਨੇਕ ਕਾਰਜ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਇਸ ਪਹਿਲਕਦਮੀ ਦਾ ਉਦੇਸ਼ ਨੌਵੇਂ ਗੁਰੂ ਸਾਹਿਬ ਜੀ ਦੁਆਰਾ ਦਰਸਾਈਆਂ ਨਿਰਸਵਾਰਥਤਾ ਅਤੇ ਉਦਾਰਤਾ ਦੀਆਂ ਕਦਰਾਂ-ਕੀਮਤਾਂ ਨੂੰ ਉਤਸ਼ਾਹਿਤ ਕਰਨਾ ਹੈ। ਭਗਵੰਤ ਸਿੰਘ ਮਾਨ ਨੇ ਉਮੀਦ ਪ੍ਰਗਟਾਈ ਕਿ ਇਹ ਪਹਿਲਕਦਮੀ ਖ਼ੂਨਦਾਨ ਅਤੇ ਅੰਗ ਦਾਨ ਦੀ ਮਹੱਤਤਾ ਬਾਰੇ ਜਾਗਰੂਕਤਾ ਪੈਦਾ ਕਰਨ ਦੇ ਨਾਲ-ਨਾਲ ਲੋਕਾਂ ਨੂੰ ਇਸ ਨੇਕ ਕਾਰਜ ਲਈ ਅੱਗੇ ਆਉਣ ਲਈ ਉਤਸ਼ਾਹਿਤ ਕਰੇਗੀ।

ਇਸ ਦੌਰਾਨ ਮੁੱਖ ਮੰਤਰੀ ਨੇ ਕਿਹਾ ਕਿ ਖ਼ੂਨਦਾਨ ਸਭ ਤੋਂ ਵੱਡੀ ਸੇਵਾ ਹੈ, ਜੋ ਇੱਕ ਦਾਨੀ ਦੀ ਸਮਾਜ ਨੂੰ ਦੇਣ ਹੈ ਕਿਉਂਕਿ ਇਹ ਬਹੁਤ ਸਾਰੀਆਂ ਕੀਮਤੀ ਜਾਨਾਂ ਬਚਾਉਣ ਵਿੱਚ ਮਦਦ ਕਰ ਸਕਦੀ ਹੈ। ਉਨ੍ਹਾਂ ਕਿਹਾ ਕਿ ਹਰੇਕ ਵਿਅਕਤੀ ਨੂੰ ਇਹ ਅਹਿਸਾਸ ਹੋਣਾ ਚਾਹੀਦਾ ਹੈ ਕਿ ਹਰ ਖ਼ੂਨਦਾਨੀ ਇੱਕ ਨਾਇਕ ਹੈ, ਜਿਸ ਕਰ ਕੇ ਉਨ੍ਹਾਂ ਨੂੰ ਹਰ ਤਿੰਨ ਮਹੀਨਿਆਂ ਬਾਅਦ ਨਿਯਮਿਤ ਤੌਰ 'ਤੇ ਖ਼ੂਨਦਾਨ ਕਰਨਾ ਚਾਹੀਦਾ ਹੈ। ਭਗਵੰਤ ਸਿੰਘ ਮਾਨ ਨੇ ਖ਼ੂਨਦਾਨੀਆਂ ਨਾਲ ਵੀ ਗੱਲਬਾਤ ਕੀਤੀ ਅਤੇ ਸਮਾਜ ਵਿੱਚ ਉਨ੍ਹਾਂ ਦੇ ਯੋਗਦਾਨ ਲਈ ਸ਼ਲਾਘਾ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243